ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 19 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, 4 ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਸ੍ਰੀ ਹਰਿਮੰਦਰ ਸਾਹਿਬ ਨੂੰ ਧਮਕੀ ਮਾਮਲੇ 'ਚ ਪੰਜਾਬ ਪੁਲਿਸ ਨੂੰ ਵੱਡੀ ਕਾਮਯਾਬੀ

# .ਫਰੀਦਾਬਾਦ ਤੋਂ ਫੜਿਆ ਸਾਫਟਵੇਅਰ ਇੰਜੀਨੀਅਰ

**ਅੰਮ੍ਰਿਤਸਰ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਰਿਮੰਦਰ ਸਾਹਿਬ ਨੂੰ ਧਮਕੀ ਮਾਮਲੇ ਵਿੱਚ ਪੰਜਾਬ ਪੁਲਿਸ ਨੂੰ ਵੱਡੀ ਕਾਮਯਾਬੀ ਹੱਥ ਲੱਗੀ ਹੈ। ਸੂਤਰਾਂ ਅਨੁਸਾਰ ਅੰਮ੍ਰਿਤਸਰ ਪੁਲਿਸ ਨੇ ਫਰੀਦਾਬਾਦ ਤੋਂ ਇੱਕ ਸਾਫ਼ਟਵੇਅਰ ਇੰਜੀਨੀਅਰ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਪ੍ਰੈਸ ਕਾਨਫਰੰਸ ਦੌਰਾਨ ਪੁਲਿਸ ਕਮਿਸ਼ਨ ਗੁਰਪ੍ਰੀਤ ਸਿੰਘ ਭੁੱਲਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਿਸ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਨੂੰ ਧਮਕੀ ਮਿਲਣ ਦੇ ਪਹਿਲੇ ਦਿਨ ਤੋਂ ਹੀ ਬਹੁਤ ਸੰਜੀਦਗੀ ਨਾਲ ਜਾਂਚ ਕੀਤੀ ਜਾ ਰਹੀ ਸੀ। ਧਮਕੀ ਈਮੇਲ ਤੋਂ ਬਾਅਦ ਪੁਲਿਸ ਵੱਲੋਂ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਨਾਲ ਸਖਤ ਸੁਰਖਿਆ ਪ੍ਰਬੰਧ ਵੀ ਕੀਤੇ ਗਏ ਸਨ ਅਤੇ ਬੰਬ ਨਿਰੋਧਕ ਦਸਤੇ, ਡਾਗ ਸਕੁਐਡ ਤੈਨਾਤ ਕੀਤੇ ਗਏ ਸਨ। ਇਸਤੋਂ ਇਲਾਵਾ ਡੀਜੀਪੀ ਖੁਦ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਮਾਮਲੇ 'ਚ ਸ਼ੁਭਮ ਦੂਬੇ ਨਾਂਅ ਦਾ ਇੱਕ ਸਾਫਟਵੇਅਰ ਇੰਜੀਨੀਅਰ ਰਾਊਂਡਅਪ ਕੀਤਾ ਗਿਆ ਹੈ, ਜਿਸ ਬਾਰੇ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਉਸ ਦਾ ਫੋਨ, ਲੈਪਟਾਪ ਆਦਿ ਚੀਜ਼ਾਂ ਕਬਜ਼ੇ 'ਚ ਲਈਆਂ ਗਈਆਂ ਹਨ। ਮੁਲਜ਼ਮ ਦੀ ਬੀਟੈਕ ਦੀ ਪੜ੍ਹਾਈ ਕੀਤੀ ਹੋਈ ਹੈ ਅਤੇ ਵੱਖ ਵੱਖ ਕੰਪਨੀਆਂ 'ਚ ਕੰਮ ਕਰ ਚੁੱਕਾ ਹੈ, ਜੋ ਕਿ 184, ਜਵਾਹਰ ਕਲੋਨੀ, ਐਨਆਈਟੀ ਫਰੀਦਾਬਾਦ ਦਾ ਰਹਿਣ ਵਾਲਾ ਹੈ। ਹਾਲਾਂਕਿ ਇਹ ਅਜੇ ਪੂਰੀ ਸਫਲਤਾ ਨਹੀਂ ਹੈ, ਜਿਸ ਬਾਰੇ ਅਜੇ ਹੋਰ ਜਾਣਕਾਰੀ ਆਉਣੀ ਬਾਕੀ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਾਮਲੇ ਵਿੱਚ ਪੁਲਿਸ ਨੇ ਬਾਰੀਕੀ ਨਾਲ ਜਾਂਚ ਕਰਦਿਆਂ ਮਾਇਕਰੋਸਾਫਟ ਨਾਲ ਰਾਬਤਾ ਕਾਇਮ ਕਰਕੇ ਜਾਣਕਾਰੀ ਮੰਗੀ ਗਈ ਸੀ, ਜਿਸ ਵਿੱਚ ਸਾਹਮਣੇ ਆਇਆ ਕਿ ਇਹ ਧਮਕੀ ਵਾਲੀਆਂ ਈ-ਮੇਲਾਂ ਦਾ ਤਾਮਿਲਨਾਡੂ ਨਾਲ ਸਬੰਧ ਹੈ। ਇਨ੍ਹਾਂ ਈਮੇਲਾਂ 'ਚ ਜਿਹੜੇ ਲੋਕਾਂ ਦੇ ਨਾਂਅ ਦਾ ਜ਼ਿਕਰ ਆਇਆ ਹੈ, ਉਹ ਦੱਖਣ ਭਾਰਤ ਨਾਲ ਸਬੰਧਤ ਹਨ। ਦੱਸ ਦਈਏ ਕਿ ਪਿਛਲੇ ਦਿਨੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ 72 ਘੰਟਿਆਂ ਵਿੱਚ ਲਗਾਤਾਰ 3 ਵਾਰ ਧਮਕੀਆਂ ਮਿਲੀਆਂ ਸਨ। ਮੁਲਜ਼ਮਾਂ ਵੱਲੋਂ 14, 15 ਅਤੇ 16 ਜੁਲਾਈ ਨੂੰ ਧਮਕੀ ਭਰੀਆਂ ਈਮੇਲ ਭੇਜ ਕੇ ਲੰਗਰ ਹਾਲ ਉਡਾਉਣ ਅਤੇ ਧਮਾਕਾ ਕੀਤੇ ਜਾਣ ਬਾਰੇ ਲਿਖਿਆ ਗਿਆ ਸੀ।



## ਦਿੱਲੀ ਤੇ ਬੰਗਲੌਰ 'ਚ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ, 90 ਵੱਧ ਸਕੂਲਾਂ ਨੂੰ ਮਿਲੀ ਧਮਕੀ

**ਨਵੀਂ ਦਿੱਲੀ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਰਾਜਧਾਨੀ ਦਿੱਲੀ ਤੋਂ ਬਾਅਦ, ਭਾਰਤ ਦੀ ਸਿਲੀਕਾਨ ਵੈਲੀ ਕਹੇ ਜਾਣ ਵਾਲੇ ਬੰਗਲੌਰ ਦੇ 40 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ, ਜਿਸ ਤੋਂ ਬਾਅਦ ਬੰਗਲੌਰ ਪ੍ਰਸ਼ਾਸਨ ਚੌਕਸ ਹੋ ਗਿਆ ਹੈ। ਬੰਗਲੌਰ ਪੁਲਿਸ ਨੇ ਦੱਸਿਆ ਕਿ ਬੰਗਲੌਰ ਸ਼ਹਿਰ ਦੇ 40 ਨਿੱਜੀ ਸਕੂਲਾਂ ਨੂੰ ਅੱਜ ਆਰਆਰ ਨਗਰ ਅਤੇ ਕੇਂਗੇਰੀ ਸਮੇਤ ਬੰਬ ਨਾਲ ਉਡਾਉਣ ਦੀ ਧਮਕੀ ਵਾਲੇ ਈਮੇਲ ਮਿਲੇ ਹਨ, ਜਿਸ ਤੋਂ ਬਾਅਦ ਸ਼ਹਿਰ ਦੇ ਸਾਰੇ ਸਕੂਲਾਂ ਵਿੱਚ ਤਲਾਸ਼ੀ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਉਧਰ, ਹੁਣ ਦਿੱਲੀ ਵਿੱਚ ਵੀ 50 ਤੋਂ ਵੱਧ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ, ਜਿਸ ਤੋਂ ਬਾਅਦ ਦਿੱਲੀ ਪੁਲਿਸ ਚੌਕਸ ਹੋ ਗਈ ਹੈ ਅਤੇ ਸੁਰੱਖਿਆ ਵਧਾ ਦਿੱਤੀ ਗਈ ਹੈ। ਜਿਨ੍ਹਾਂ ਸਕੂਲਾਂ ਨੂੰ ਧਮਕੀ ਭਰੇ ਈਮੇਲ ਮਿਲੇ ਹਨ, ਉਨ੍ਹਾਂ ਵਿੱਚ ਸਿਵਲ ਲਾਈਨਜ਼ ਵਿੱਚ ਸੇਂਟ ਜ਼ੇਵੀਅਰਜ਼, ਪੱਛਮੀ ਵਿਹਾਰ ਵਿੱਚ ਰਿਚਮੰਡ ਗਲੋਬਲ ਸਕੂਲ, ਰੋਹਿਣੀ ਵਿੱਚ ਅਭਿਨਵ ਪਬਲਿਕ ਸਕੂਲ ਅਤੇ ਰੋਹਿਣੀ ਵਿੱਚ 'ਦ ਸੋਵਰੇਨ' ਸਕੂਲ ਵਰਗੇ ਪ੍ਰਮੁੱਖ ਅਦਾਰੇ ਸ਼ਾਮਲ ਹਨ। ਪ੍ਰਭਾਵਿਤ ਹੋਰ ਸਕੂਲਾਂ ਬਾਰੇ ਹੋਰ ਜਾਣਕਾਰੀ ਅਜੇ ਵੀ ਪਤਾ ਲਗਾਈ ਜਾ ਰਹੀ ਹੈ। ਦਿੱਲੀ ਪੁਲਿਸ ਨੇ ਪੁਸ਼ਟੀ ਕੀਤੀ ਹੈ ਕਿ ਜਾਂਚ ਦੌਰਾਨ ਦੱਖਣੀ ਦਿੱਲੀ ਦੇ ਇੱਕ 12 ਸਾਲਾ ਮੁੰਡਾ ਦੀ ਪਛਾਣ ਹੋ ਗਈ ਹੈ, ਜਿਸਨੇ ਕਥਿਤ ਤੌਰ 'ਤੇ ਆਪਣੇ ਨਿੱਜੀ ਮੋਬਾਈਲ ਫੋਨ ਦੀ ਵਰਤੋਂ ਕਰਕੇ ਇੱਕ ਝੂਠੀ ਈਮੇਲ ਭੇਜੀ ਸੀ। ਇੱਕ ਨਿੱਜੀ ਸਕੂਲ ਦੇ ਵਿਦਿਆਰਥੀ, ਮੁੰਡੇ ਤੋਂ ਪੁੱਛਗਿੱਛ ਕੀਤੀ ਗਈ, ਉਸ ਨੂੰ ਸਮਝਾਇਆ ਗਿਆ ਹੈ ਅਤੇ ਬਾਅਦ ਵਿੱਚ ਘਰ ਭੇਜ ਦਿੱਤਾ ਗਿਆ। ਪੁਲਿਸ ਸੂਤਰਾਂ ਦੇ ਅਨੁਸਾਰ, ਮੁੰਡੇ ਨੇ ਦਾਅਵਾ ਕੀਤਾ ਕਿ ਇਹ ਇੱਕ ਮਜ਼ਾਕ ਸੀ, ਅਤੇ ਉਹ ਇਸ ਸਮੇਂ ਮਾਨਸਿਕ ਸਿਹਤ ਸਥਿਤੀ ਦਾ ਇਲਾਜ ਕਰਵਾ ਰਿਹਾ ਹੈ। ਇਨ੍ਹਾਂ ਧਮਕੀਆਂ ਤੋਂ ਬਾਅਦ, ਪੂਰੇ ਸ਼ਹਿਰ ਵਿੱਚ ਹਾਈ ਅਲਰਟ ਘੋਸ਼ਿਤ ਕਰ ਦਿੱਤਾ ਗਿਆ ਸੀ। ਵਿਦਿਆਰਥੀਆਂ ਅਤੇ ਸਟਾਫ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਐਮਰਜੈਂਸੀ ਰਿਸਪਾਂਸ ਟੀਮਾਂ ਅਤੇ ਪੁਲਿਸ ਟੀਮਾਂ ਨੂੰ ਸਰਗਰਮ ਕੀਤਾ ਗਿਆ ਸੀ। ਹੁਣ ਤੱਕ ਕਿਸੇ ਵੀ ਸਕੂਲ ਵਿੱਚ ਕੋਈ ਵਿਸਫੋਟਕ ਸਮੱਗਰੀ ਨਹੀਂ ਮਿਲੀ ਹੈ ਅਤੇ ਸਥਿਤੀ ਕਾਬੂ ਹੇਠ ਦੱਸੀ ਜਾ ਰਹੀ ਹੈ। ਇਹ ਘਟਨਾ ਦਿੱਲੀ ਦੇ ਘੱਟੋ-ਘੱਟ 20 ਸਕੂਲਾਂ ਨੂੰ ਇਸੇ ਤਰ੍ਹਾਂ ਦੀਆਂ ਈਮੇਲ ਧਮਕੀਆਂ ਮਿਲਣ ਤੋਂ ਕੁਝ ਘੰਟੇ ਬਾਅਦ ਵਾਪਰੀ ਹੈ। ਹਾਲ ਹੀ ਦੇ ਸਮੇਂ ਵਿੱਚ, ਦਿੱਲੀ ਵਿੱਚ ਸਕੂਲਾਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਅਜਿਹੀਆਂ ਝੂਠੀਆਂ ਬੰਬ ਧਮਕੀਆਂ ਦੀਆਂ ਕਈ ਘਟਨਾਵਾਂ ਵਾਪਰੀਆਂ ਹਨ, ਜਿਸ ਕਾਰਨ ਸੁਰੱਖਿਆ ਏਜੰਸੀਆਂ ਹਾਈ ਅਲਰਟ 'ਤੇ ਹਨ।




## ਪੰਜਾਬ ਆਉਣਗੇ ਪ੍ਰਧਾਨ ਮੰਤਰੀ ਮੋਦੀ ! ਪੰਜਾਬ ਨੂੰ ਦੇਣ ਜਾ ਰਹੇ ਵੱਡਾ ਤੋਹ.ਫਾ



**ਲੁਧਿਆਣਾ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ 27 ਜੁਲਾਈ ਨੂੰ ਪੰਜਾਬ ਆਉਣਗੇ। ਉਨ੍ਹਾਂ ਦੀ ਇਹ ਫ਼ੇਰੀ ਲੁਧਿਆਣਾ ਦੇ ਹਲਵਾਰਾ ਏਅਰਪੋਰਟ 'ਤੇ ਹੋ ਸਕਦੀ ਹੈ। ਜਾਣਕਾਰੀ ਮਿਲੀ ਹੈ ਕਿ 27 ਜੁਲਾਈ ਨੂੰ ਪ੍ਰਧਾਨ ਮੰਤਰੀ ਮੋਦੀ ਪੰਜਾਬੀਆਂ ਨੂੰ ਇਕ ਵੱਡਾ ਤੋਹ.ਫਾ ਦੇਣ ਜਾ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ 27 ਜੁਲਾਈ ਨੂੰ ਪ੍ਰਧਾਨ ਮੰਤਰੀ ਮੋਦੀ ਹਲਵਾਰਾ ਏਅਰਪੋਰਟ ਦਾ ਉਦਘਾਟਨ ਕਰ ਸਕਦੇ ਹਨ, ਜਿਸ ਪਿੱਛੋਂ ਇਹ ਏਅਰਪੋਰਟ ਆਮ ਯਾਤਰੀ ਜਹਾਜ਼ਾਂ ਦੀ ਆਵਾਜਾਈ ਲਈ ਚਾਲੂ ਹੋ ਸਕਦਾ ਹੈ। ਇਸ ਏਅਰਪੋਰਟ ਦੇ ਚਾਲੂ ਹੋਣ ਨਾਲ ਭਾਰਤ ਦਾ ਮੈਨਚੈਸਟਰ ਮੰਨੇ ਜਾਂਦੇ ਲੁਧਿਆਣਾ ਦੇ ਵਪਾਰੀਆਂ ਨੂੰ ਵੱਡੀ ਰਾਹਤ ਮਿਲੇਗੀ, ਉੱਥੇ ਹੀ ਪੰਜਾਬ ਦੇ ਲੋਕਾਂ ਨੂੰ ਦੂਰ-ਦੁਰਾਡੇ ਦੇ ਏਅਰਪੋਰਟਾਂ 'ਤੇ ਪਹੁੰਚ ਨਹੀਂ ਕਰਨੀ ਪਵੇਗੀ। ਫ਼ਿਲਹਾਲ ਮੋਦੀ ਆਪਣੇ ਇਸ ਦੌਰੇ ਦੌਰਾਨ ਸਿਰਫ਼ ਹਲਵਾਰਾ ਹੀ ਆਉਂਦੇ ਹਨ ਜਾਂ ਕਿਤੇ ਹੋਰ ਵੀ, ਇਹ ਸਾਫ਼ ਨਹੀਂ ਹੋ ਪਾਇਆ ਹੈ। ਇਹ ਵੀ ਸੰਭਾਵਨਾ ਜਤਾਈ ਜਾ ਰਹੀ ਹੈ ਕਿ ਪ੍ਰਧਾਨ ਮੰਤਰੀ ਮੋਦੀ ਹਲਵਾਰਾ ਏਅਰਪੋਰਟ ਦਾ ਉਦਘਾਟਨ ਆਨਲਾਈਨ ਵੀ ਕਰ ਸਕਦੇ ਹਨ। ਫ਼ਿਲਹਾਲ ਵਿਸਥਾਰਤ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

## ਪੰਜਾਬ 'ਚ ਬੱਚਿਆਂ ਤੋਂ ਭੀਖ ਮੰਗਵਾਉਣ ਵਾਲਿਆਂ 'ਤੇ ਕਾਰਵਾਈ !18 ਥਾਵਾਂ 'ਤੇ ਛਾਪੇਮਾਰੀ, ਕਰਵਾਏ ਜਾਣਗੇ ਡੀ. ਐਨ. ਏ. ਟੈਸਟ, ਗੋਦ ਲਏ ਜਾਣਗੇ ਬੱਚੇ

**ਚੰਡੀਗੜ੍ਹ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਬੱਚਿਆਂ ਨੂੰ ਸੜਕਾਂ 'ਤੇ ਭੀਖ ਮੰਗਵਾਉਣ ਵਿਰੁੱਧ ਮੁਹਿਮ ਤੇਜ਼ ਕਰ ਦਿੱਤੀ ਹੈ। ਇਸ ਤਹਿਤ ਸਰਕਾਰ ਨੇ ਜੀਵਨਜੋਤ ਪ੍ਰੋਜੈਕਟ-2 ਸ਼ੁਰੂ ਕੀਤਾ ਹੈ। ਸਿਰਫ਼ ਦੋ ਦਿਨਾਂ ਵਿੱਚ 18 ਥਾਵਾਂ 'ਤੇ ਛਾਪੇਮਾਰੀ ਕਰਕੇ 41 ਬੱਚਿਆਂ ਨੂੰ ਬਚਾਇਆ ਗਿਆ ਹੈ। ਹਾਲਾਂਕਿ, ਬਠਿੰਡਾ ਵਿੱਚ ਫੜੇ ਗਏ ਕੁਝ ਬੱਚਿਆਂ ਦਾ ਮਾਮਲਾ ਸ਼ੱਕੀ ਜਾਪਦਾ ਹੈ। ਅਜਿਹੀ ਸਥਿਤੀ ਵਿੱਚ ਹੁਣ ਉਨ੍ਹਾਂ ਬੱਚਿਆਂ ਦਾ ਡੀਐਨਏ ਟੈਸਟ ਕਰਵਾਇਆ ਜਾਵੇਗਾ, ਤਾਂ ਜੋ ਇਹ ਪਤਾ ਲੱਗ ਸਕੇ ਕਿ ਉਹ ਆਪਣੇ ਅਸਲ ਮਾਪਿਆਂ ਨਾਲ ਸਨ ਜਾਂ ਨਹੀਂ। ਰਿਪੋਰਟ ਆਉਣ ਤੱਕ ਇਹ ਬੱਚੇ ਬਾਲ ਸੁਧਾਰ ਘਰ ਵਿੱਚ ਹੀ ਰਹਿਣਗੇ। ਇਸ ਬਾਬਤ ਪੰਜਾਬ ਸਰਕਾਰ ਵਿੱਚ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਹੈ ਕਿ ਜੇ ਕੋਈ ਮਾਪੇ ਆਪਣੇ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰਦੇ ਹਨ, ਤਾਂ ਪਹਿਲਾਂ ਉਨ੍ਹਾਂ ਨੂੰ ਸਮਝਾਇਆ ਜਾਵੇਗਾ। ਜੇ ਉਹ ਸਹਿਮਤ ਨਹੀਂ ਹੁੰਦੇ ਤਾਂ ਉਨ੍ਹਾਂ ਨੂੰ ਅਯੋਗ ਸਰਪ੍ਰਸਤ ਘੋਸ਼ਿਤ ਕੀਤਾ ਜਾਵੇਗਾ। ਇਸ ਤੋਂ ਬਾਅਦ, ਉਨ੍ਹਾਂ ਦੇ ਬੱਚਿਆਂ ਨੂੰ ਗੋਦ ਲੈਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕਦੀ ਹੈ। ਇਸ ਦੇ ਨਾਲ ਹੀ, ਅਜਿਹੇ ਕੰਮ ਵਿੱਚ ਸ਼ਾਮਲ ਕਿਸੇ ਵੀ ਗਿਰੋਹ ਜਾਂ ਰੈਕੇਟ ਦੇ ਲੋਕਾਂ ਨੂੰ 5 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਦਿੱਤੀ ਜਾ ਸਕਦੀ ਹੈ। ਮੰਤਰੀ ਨੇ ਕਿਹਾ ਕਿ ਪਿਛਲੇ 9 ਮਹੀਨਿਆਂ ਵਿੱਚ, ਸਰਕਾਰ ਨੇ 350 ਬੱਚਿਆਂ ਨੂੰ ਭੀਖ ਮੰਗਣ ਤੋਂ ਬਚਾਇਆ ਹੈ ਤੇ ਉਨ੍ਹਾਂ ਨੂੰ ਸਕੂਲਾਂ ਅਤੇ ਹੋਰ ਸੰਸਥਾਵਾਂ ਨਾਲ ਜੋੜਿਆ ਗਿਆ ਹੈ। ਪਰ ਹੁਣ ਤੱਕ ਇਨ੍ਹਾਂ ਵਿੱਚੋਂ 57 ਬੱਚਿਆਂ ਦਾ ਕੋਈ ਸੁਰਾਗ ਨਹੀਂ ਮਿਲਿਆ ਹੈ ਅਤੇ ਉਨ੍ਹਾਂ ਦੀ ਜਾਂਚ ਵੀ ਜਾਰੀ ਹੈ। ਮੰਤਰੀ ਨੇ ਕਿਹਾ ਕਿ 9 ਮਹੀਨਿਆਂ ਵਿੱਚ 367 ਬੱਚਿਆਂ ਨੂੰ ਬਚਾਇਆ ਗਿਆ। ਇਸ ਸਮੇਂ ਦੌਰਾਨ, ਕੁੱਲ 753 ਛਾਪੇ ਮਾਰੇ ਗਏ। ਜਦੋਂ ਸਾਡੀਆਂ ਟੀਮਾਂ ਜਾਂਦੀਆਂ ਸਨ, ਤਾਂ ਬੱਚੇ ਅਤੇ ਉਨ੍ਹਾਂ ਤੋਂ ਭੀਖ ਮੰਗਣ ਵਾਲੇ ਭੱਜ ਜਾਂਦੇ ਸਨ, ਜਿਸ ਕਾਰਨ ਕਈ ਵਾਰ ਅਸੀਂ ਸਫਲ ਨਹੀਂ ਹੁੰਦੇ ਸੀ। ਇਨ੍ਹਾਂ ਬੱਚਿਆਂ ਵਿੱਚੋਂ 350 ਨੂੰ ਉਨ੍ਹਾਂ ਦੇ ਪਰਿਵਾਰਾਂ ਕੋਲ ਵਾਪਸ ਭੇਜ ਦਿੱਤਾ ਗਿਆ ਸੀ। ਇਨ੍ਹਾਂ ਵਿੱਚੋਂ 150 ਬੱਚੇ ਦੂਜੇ ਰਾਜਾਂ ਦੇ ਸਨ 17 ਬੱਚੇ ਅਜਿਹੇ ਸਨ ਜਿਨ੍ਹਾਂ ਦੇ ਰਿਸ਼ਤੇਦਾਰਾਂ ਦੀ ਪਛਾਣ ਨਹੀਂ ਹੋ ਸਕੀ, ਉਨ੍ਹਾਂ ਨੂੰ ਬਾਲ ਘਰ ਵਿੱਚ ਰੱਖਿਆ ਗਿਆ ਸੀ। ਇਸ ਦੇ ਨਾਲ ਹੀ 183 ਬੱਚਿਆਂ ਨੂੰ ਭੀਖ ਮੰਗਣ ਤੋਂ ਹਟਾ ਕੇ ਸਕੂਲਾਂ ਨਾਲ ਜੋੜਿਆ ਗਿਆ ਸੀ। ਇਨ੍ਹਾਂ ਵਿੱਚੋਂ 6 ਸਾਲ ਤੋਂ ਘੱਟ ਉਮਰ ਦੇ 13 ਬੱਚੇ ਸਨ, ਜਿਨ੍ਹਾਂ ਨੂੰ ਆਂਗਣਵਾੜੀ ਕੇਂਦਰਾਂ ਵਿੱਚ ਭੇਜਿਆ ਗਿਆ ਸੀ। ਇਸ ਦੇ ਨਾਲ ਹੀ ਕਿਹਾ ਕਿ 30 ਬੱਚਿਆਂ ਨੂੰ ਸਪਾਂਸਰਸ਼ਿਪ ਨਾਲ ਜੋੜਿਆ ਗਿਆ ਸੀ, ਜਿਨ੍ਹਾਂ ਨੂੰ ਹਰ ਮਹੀਨੇ 4000 ਰੁਪਏ ਦਿੱਤੇ ਜਾਂਦੇ ਹਨ ਤਾਂ ਜੋ ਉਹ ਸਕੂਲਾਂ ਵਿੱਚ ਪੜ੍ਹ ਸਕਣ ਅਤੇ ਉਨ੍ਹਾਂ ਦੀ ਪੜ੍ਹਾਈ ਜਾਰੀ ਰਹਿ ਸਕੇ। 16 ਬੱਚਿਆਂ ਨੂੰ ਪ੍ਰਤੀ ਮਹੀਨਾ 1500 ਰੁਪਏ ਪੈਨਸ਼ਨ ਦਿੱਤੀ ਗਈ ਸੀ। ਹਰ ਤਿੰਨ ਮਹੀਨਿਆਂ ਬਾਅਦ, ਡੀਸੀਪੀਓ ਜਾਂਚ ਕਰਦਾ ਹੈ ਕਿ ਬੱਚੇ ਨਿਯਮਤ ਹਨ ਜਾਂ ਨਹੀਂ। ਹਾਲਾਂਕਿ, ਸਕੂਲਾਂ ਵਿੱਚੋਂ 57 ਬੱਚੇ ਲਾਪਤਾ ਪਾਏ ਗਏ ਹਨ। ਇਸ ਸਬੰਧ ਵਿੱਚ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।



## ਸੰਯੁਕਤ ਕਿਸਾਨ ਮੋਰਚਾ ਨੇ ਕਰ ਦਿੱਤਾ ਵੱਡਾ ਐਲਾਨ, 5 ਮੁੱਦਿਆਂ 'ਤੇ ਮਤੇ ਹੋਏ ਪਾਸ, ਪੰਜਾਬ ਸਰਕਾਰ ਨੂੰ ਵਾਪਸ ਲੈਣੀ ਪਵੇਗੀ ਲੈਂਡ ਪੂਲਿੰਗ ਨੀਤੀ !

**ਚੰਡੀਗੜ੍ਹ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੇ ਕਿਸਾਨ ਭਵਨ ਵਿਖੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਜ਼ਮੀਨ ਪ੍ਰਾਪਤੀ (ਲੈਂਡ ਪੂਲਿੰਗ) ਨੀਤੀ, ਪਾਣੀ ਸਮਝੌਤੇ ਸਮੇਤ ਚਾਰ ਮੁੱਦਿਆਂ 'ਤੇ ਇੱਕ ਸਰਬ-ਪਾਰਟੀ ਮੀਟਿੰਗ ਹੋਈ। ਸੱਤਾਧਾਰੀ ਪਾਰਟੀ ਆਮ ਆਦਮੀ ਪਾਰਟੀ (ਆਪ) ਮੀਟਿੰਗ ਤੋਂ ਦੂਰ ਰਹੀ, ਅਤੇ ਇਸਦਾ ਕੋਈ ਵੀ ਆਗੂ ਮੀਟਿੰਗ ਵਿੱਚ ਨਹੀਂ ਪਹੁੰਚਿਆ। ਜਦੋਂ ਕਿ 10 ਪਾਰਟੀਆਂ ਦੇ ਆਗੂ ਮੀਟਿੰਗ ਵਿੱਚ ਪਹੁੰਚੇ ਸਨ। ਇਸ ਮੌਕੇ ਪੰਜ ਏਜੰਡੇ ਪਾਸ ਕੀਤੇ ਗਏ। ਹਾਲਾਂਕਿ, ਕਿਸਾਨਾਂ ਨੇ ਸਪੱਸ਼ਟ ਕੀਤਾ ਹੈ ਕਿ ਜ਼ਮੀਨ ਪੂਲਿੰਗ ਅਤੇ ਮੁਕਤ ਵਪਾਰ ਸਮਝੌਤੇ ਵਿਰੁੱਧ ਇੱਕ ਲੰਬੀ ਲੜਾਈ ਲੜੀ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ 'ਆਪ' ਮੁਖੀ ਅਮਨ ਅਰੋੜਾ ਨੂੰ ਸਾਡੇ ਵੱਲੋਂ ਬੁਲਾਇਆ ਗਿਆ ਸੀ, ਪਰ ਉਹ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਏ, ਜਿਸ ਕਾਰਨ ਉਨ੍ਹਾਂ ਨੂੰ ਦੁੱਖ ਹੋਇਆ ਹੈ। ਇਸ ਦੇ ਨਾਲ ਹੀ ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਕਿਸਾਨ ਨਹੀਂ ਹਨ, ਉਹ ਅਜੇ ਵੀ ਇੱਕ ਕਾਮੇਡੀਅਨ ਹਨ। ਇਸ ਮੌਕੇ 30 ਜੁਲਾਈ ਨੂੰ ਟਰੈਕਟਰ ਮਾਰਚ ਵੀ ਆਯੋਜਿਤ ਕੀਤਾ ਗਿਆ ਹੈ। ਜਦੋਂ ਪੱਤਰਕਾਰਾਂ ਨੇ ਕਿਸਾਨ ਆਗੂਆਂ ਨੂੰ ਪੁੱਛਿਆ ਕਿ ਰਾਜਨੀਤਿਕ ਪਾਰਟੀਆਂ ਵਾਂਗ, SKM ਲੈਂਡ ਪੂਲਿੰਗ ਵਿਰੁੱਧ ਲੜੇਗਾ। ਇਹ ਲੜਾਈ ਸਿਰਫ਼ ਵਿਰੋਧ ਪ੍ਰਦਰਸ਼ਨਾਂ ਤੱਕ ਸੀਮਤ ਰਹੇਗੀ। ਇਸ 'ਤੇ ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਅਸੀਂ ਇਸ ਨੀਤੀ ਨੂੰ ਵਾਪਸ ਲੈਣ ਤੱਕ ਲੜਾਂਗੇ। ਇਸ ਦੇ ਨਾਲ ਹੀ ਕਿਸਾਨਾਂ ਨੇ ਕਿਹਾ ਕਿ ਸਰਕਾਰ ਇਸ ਨੀਤੀ ਬਾਰੇ ਲੋਕਾਂ ਨੂੰ ਭੰਬਲਭੂਸੇ ਵਿੱਚ ਪਾ ਰਹੀ ਹੈ। ਕੁਝ ਸਪੱਸ਼ਟ ਨਹੀਂ ਕੀਤਾ ਜਾ ਰਿਹਾ ਹੈ। ਬਲਬੀਰ ਸਿੰਘ ਰਾਜੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਇੱਕ ਕਾਮੇਡੀਅਨ ਹਨ। ਉਨ੍ਹਾਂ ਦੇ ਪਿਤਾ ਇੱਕ ਮਾਸਟਰ ਸਨ, ਉਹ ਸਤਹੀ ਤੌਰ 'ਤੇ ਕਹਿੰਦੇ ਹਨ ਕਿ ਉਹ ਇੱਕ ਕਿਸਾਨ ਹਨ। ਅਜਿਹਾ ਕੁਝ ਨਹੀਂ ਹੈ। ਉਹ ਅੱਜ ਵੀ ਕਾਮੇਡੀਅਨ ਹਨ। ਜਦੋਂ ਕਿਸਾਨ ਆਗੂਆਂ ਨੂੰ ਪੁੱਛਿਆ ਗਿਆ ਕਿ ਕੀ ਸਾਰੀਆਂ ਕਿਸਾਨ ਜਥੇਬੰਦੀਆਂ ਇਕੱਠੇ ਹੋਣਗੀਆਂ। ਇਸ 'ਤੇ ਕਿਸਾਨ ਆਗੂਆਂ ਨੇ ਕਿਹਾ ਕਿ SKM ਦੀ ਏਕਤਾ ਦੇ ਪਲੇਟਫਾਰਮ ਲਈ ਸਾਡੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਰਹਿਣਗੇ। ਦਿੱਲੀ ਲੜਾਈ ਵਿੱਚ ਵੀ ਅਸੀਂ ਇਕੱਲੇ ਆਏ ਸੀ, ਉਸ ਤੋਂ ਬਾਅਦ ਸਾਰੇ ਆਏ। ਉਮੀਦ ਹੈ ਕਿ ਸਾਰੇ ਇਕੱਠੇ ਹੋਣਗੇ

**ਮੀਟਿੰਗ ਵਿੱਚ ਕੀ ਏਜੰਡੇ ਹੋਏ ਪਾਸ ?**

☛ ਸਰਕਾਰ ਨੂੰ ਲੈਂਡ ਪੂਲਿੰਗ ਨੀਤੀ ਦੀ ਨੋਟੀਫਿਕੇਸ਼ਨ ਰੱਦ ਕਰਨੀ ਚਾਹੀਦੀ ਹੈ।

☛ ਖੇਤੀਬਾੜੀ ਅਤੇ ਸਬੰਧਤ ਕਾਰੋਬਾਰਾਂ ਨੂੰ ਮੁਕਤ ਵਪਾਰ ਸਮਝੌਤੇ ਤੋਂ ਬਾਹਰ ਰੱਖਿਆ ਜਾਣਾ ਚਾਹੀਦਾ ਹੈ।

☛ 25 ਸਾਲ ਪੁਰਾਣੇ ਸਮਝੌਤਿਆਂ ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ। ਨਾਲ ਹੀ, ਧਾਰਾ 76 ਤੋਂ 80 ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਬਾਰੇ ਭਾਰਤ ਸਰਕਾਰ ਨੂੰ ਸੂਚਿਤ ਕੀਤਾ ਜਾਣਾ ਚਾਹੀਦਾ ਹੈ।

☛ ਪੰਜਾਬ ਸਰਕਾਰ ਨੂੰ ਨਵੀਂ ਖੇਤੀ ਲਾਗੂ ਕਰਨੀ ਚਾਹੀਦੀ ਹੈ।

☛ ਸਾਰੀਆਂ ਰਾਜਨੀਤਿਕ ਪਾਰਟੀਆਂ ਤੋਂ ਸੁਝਾਅ ਲਏ ਗਏ ਹਨ, ਪਰ ਰਾਜਨੀਤਿਕ ਲੋਕ ਸਾਡੇ ਮੰਚ 'ਤੇ ਨਹੀਂ ਆਉਣਗੇ।

**ਇਹ ਕੇਜਰੀਵਾਲ ਦੀ ਨੀਤੀ ਹੈ, ਸਰਕਾਰ ਦੀ ਨਹੀਂ।**

ਕਿਸਾਨ ਆਗੂ ਬੂਟਾ ਸਿੰਘ ਬੁਰਜਗਿੱਲ ਦਾ ਕਹਿਣਾ ਹੈ ਕਿ ਇਹ ਨੀਤੀ ਪੰਜਾਬ ਸਰਕਾਰ ਦੀ ਨਹੀਂ, ਸਗੋਂ ਅਰਵਿੰਦ ਕੇਜਰੀਵਾਲ ਦੀ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਪੰਜਾਬ 'ਚ ਮੀਂਹ ਨੂੰ ਲੈ ਕੇ ਅਲਰਟ, 21 ਤੋਂ 23 ਜੁਲਾਈ ਤੱਕ ਭਾਰੀ ਮੀਂਹ ਪੈਣ ਦੀ ਚੇਤਾਵਨੀ

**ਲੁਧਿਆਣਾ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮੌਸਮ ਵਿਗਿਆਨੀ ਡਾਕਟਰ ਕੁਲਵਿੰਦਰ ਕੌਰ ਗਿੱਲ ਨੇ ਆਉਣ ਵਾਲੇ ਦਿਨਾਂ ਵਿੱਚ ਮੌਸਮ ਨੂੰ ਲੈ ਕੇ ਭਵਿੱਖਬਾਣੀ ਕੀਤੀ ਹੈ। ਸੂਬੇ ਭਰ 'ਚ 21 ਤੋਂ 23 ਤਰੀਕ ਤੱਕ ਭਾਰੀ ਬਰਸਾਤ ਹੋ ਸਕਦੀ ਹੈ। ਜਿਸ ਲਈ ਕਈ ਜ਼ਿਲ੍ਹਿਆਂ ਲਈ ਰੈਡ ਅਤੇ ਔਰੇਂਜ ਅਲਰਟ ਜਾਰੀ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਸਭ ਤੋਂ ਵੱਧ ਬਾਰਿਸ਼ ਤਰਨਤਰਨ ਜ਼ਿਲ੍ਹੇ ਵਿੱਚ ਹੋਈ ਹੈ ਅਤੇ ਸਭ ਤੋਂ ਘੱਟ ਕਪੂਰਥਲਾ ਜ਼ਿਲ੍ਹੇ ਵਿੱਚ ਹੋਈ ਹੈ। ਇਸ ਤੋਂ ਇਲਾਵਾ ਉਹਨਾਂ ਕਿਹਾ ਕਿ ਹੁਣ ਤੱਕ 15% ਬਾਰਿਸ਼ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਉਹਨਾਂ ਕਿਸਾਨਾਂ ਨੂੰ ਵੀ ਪਾਣੀ ਦੀ ਨਿਕਾਸੀ ਸਮੇਤ ਸਪਰੇਆਂ ਆਦਿ ਕਰਨ 'ਤੇ ਵੀ ਖਾਸ ਧਿਆਨ ਰੱਖਣ ਦੀ ਅਪੀਲ ਕੀਤੀ ਹੈ। ਉਧਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਮੌਸਮ ਵਿਗਿਆਨੀ ਡਾਕਟਰ ਕੁਲਵਿੰਦਰ ਕੌਰ ਗਿੱਲ ਨੇ ਕਿਹਾ ਕਿ ਮੌਨਸੂਨ ਆਪਣਾ ਪੂਰਾ ਜ਼ੋਰ ਦਿਖਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੂਨ ਮਹੀਨੇ ਵਿੱਚ ਨੌਰਮਲ ਨਾਲੋ ਜਿਆਦਾ ਬਾਰਿਸ਼ ਰਿਕਾਰਡ ਕੀਤੀ ਗਈ ਹੈ ਅਤੇ ਜੁਲਾਈ ਦੇ ਪਹਿਲੇ ਦੋ ਹ.ਫਤਿਆਂ ਵਿਚ ਵੀ ਆਮ ਤੋਂ ਜ਼ਿਆਦਾ ਬਾਰਿਸ਼ ਰਿਕਾਰਡ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਭ ਤੋਂ ਜ਼ਿਆਦਾ ਬਾਰਿਸ਼ ਤਰਨਤਾਰਨ ਜ਼ਿਲ੍ਹੇ ਵਿਚ ਹੋਈ ਹੈ ਅਤੇ ਸਭ ਤੋਂ ਘੱਟ ਕਪੂਰਥਲਾ ਵਿੱਚ ਹੋਈ ਹੈ। ਉਹਨਾਂ ਕਿਹਾ ਕਿ 21 ਜੁਲਾਈ ਤੋਂ ਬਾਅਦ ਸੂਬੇ ਦੇ ਕਈ ਜ਼ਿਲ੍ਹਿਆਂ ਵਿੱਚ ਰੇਡ ਅਲਰਟ ਅਤੇ ਕਈ ਜ਼ਿਲ੍ਹਿਆਂ ਵਿੱਚ ਔਰੇਂਜ ਅਲਰਟ ਵੀ ਜਾਰੀ ਕੀਤਾ ਗਿਆ ਹੈ। ਉਹਨਾਂ ਕਿਹਾ ਕਿ 19 ਅਤੇ 20 ਜੁਲਾਈ ਨੂੰ ਬਾਦਲ ਛਾਏ ਰਹਿਣਗੇ ਅਤੇ 21 ਤੋਂ 23 ਤੱਕ ਭਾਰੀ ਬਰਸਾਤ ਹੋਵੇਗੀ। ਹੁਣ ਤੱਕ 15 ਫ਼ੀਸਦ ਬਾਰਿਸ਼ ਰਿਕਾਰਡ ਕੀਤੀ ਗਈ ਹੈ। ਇਸ ਤੋਂ ਇਲਾਵਾ ਉਹਨਾਂ ਕਿਸਾਨਾਂ ਨੂੰ ਵਿਸ਼ੇਸ਼ ਧਿਆਨ ਰੱਖਣ ਦੀ ਅਪੀਲ ਕੀਤੀ ਹੈ ਕਿਹਾ ਕਿ ਪਾਣੀ ਦੀ ਨਿਕਾਸੀ ਦਾ ਖਾਸ ਪ੍ਰਬੰਧ ਰੱਖਿਆ ਜਾਵੇ ਅਤੇ ਸਪਰੇਅ ਵਗੈਰਾ ਵੀ ਨਾ ਕੀਤੀ ਜਾਵੇ ,ਜਿਸ ਨਾਲ ਕਿਸੇ ਤਰੀਕੇ ਦੇ ਨਾਲ ਫਸਲਾਂ ਨੂੰ ਨੁਕਸਾਨ ਹੋਵੇ।

ਦਰਅਸਲ 'ਚ ਪਿਛਲੇ 24 ਘੰਟਿਆਂ ਵਿੱਚ ਕੁਝ ਥਾਵਾਂ 'ਤੇ ਹਲਕੀ ਬਾਰਿਸ਼ ਹੋਈ, ਜਿਸ ਕਾਰਨ ਤਾਪਮਾਨ ਵਿੱਚ ਥੋੜ੍ਹਾ ਵਾਧਾ ਦੇਖਿਆ ਗਿਆ ਹੈ। ਮੌਸਮ ਵਿਭਾਗ ਅਨੁਸਾਰ ਪੰਜਾਬ ਦੇ ਔਸਤ ਤਾਪਮਾਨ ਵਿੱਚ 1.2 ਡਿਗਰੀ ਦਾ ਵਾਧਾ ਹੋਇਆ ਹੈ, ਹਾਲਾਂਕਿ ਇਹ ਅਜੇ ਵੀ ਆਮ ਨਾਲੋਂ 2.1 ਡਿਗਰੀ ਘੱਟ ਹੈ। ਸ੍ਰੀ ਆਨੰਦਪੁਰ ਸਾਹਿਬ ਵਿੱਚ ਸਭ ਤੋਂ ਵੱਧ ਤਾਪਮਾਨ 36.3 ਡਿਗਰੀ ਦਰਜ ਕੀਤਾ ਗਿਆ, ਜਦੋਂ ਕਿ ਅੰਮ੍ਰਿਤਸਰ ਵਿੱਚ 31 ਡਿਗਰੀ, ਲੁਧਿਆਣਾ ਵਿੱਚ 32.4, ਪਟਿਆਲਾ ਵਿੱਚ 32.6, ਪਠਾਨਕੋਟ ਵਿੱਚ 34.1 ਅਤੇ ਬਠਿੰਡਾ ਵਿੱਚ 32.8 ਡਿਗਰੀ ਦਰਜ ਕੀਤਾ ਗਿਆ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
121. Broadway west Walsall, West Midlands, WS1 4DW, England uk



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੁ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਊਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--


| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

Contact Detail :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

--ADVICE--
**Request to all Sangat to have own travel Insurance individualy!**


Program is subject to change without Prior Notice.

ਆਵਾਜ਼ਿ ਕੌਮ AWAZE QAUM

## JOURNEY OF A LIFE TIME
## PANJ TAKHT YATRA
### 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| RAGHBIR SINGH | PARAMJIT SHERGILL | INDERJIT KAUR | KULVINDER MANN |
| --- | --- | --- | --- |
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

# ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK



ਦੇਗ ਤੇਗ਼ ਫ਼ਤਿਹ

ਸ੍ਰੀ ਅਖੰਡ ਪਾਠ ਸਾਹਿਬ

SRI AKHAND PAATH SAHIB

18-20TH JULY 2025

SRI GURU SINGH SABHA SOUTHALL, PARK AVENUE I UB13AG

ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰਂਟੋ (ਕੈਨੇਡਾ)

ਸਿੱਖ ਫੈਡਰੇਸ਼ਨ ਯੂ. ਕੇ.

ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com


★ ਸ਼ਹੀਦੀ ਸਮਾਗਮ ★

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net





ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ – 20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਰਣਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137


ੴ ਸਤਿਗੁਰ ਪ੍ਰਸਾਦਿ
ਸਿਖਹੁ ਸੁਣਹੁ ਸੀਖ ਇਹ ਮੇਰੀ॥ ਬਾਣੀ ਪੜ੍ਹਹੁ ਸੁਧ ਗੁਰ ਕੇਰੀ॥ ਪੜ੍ਹੈ ਮਹਾਤਮ ਲਹੈ ਬਿਸਾਲਾ॥ ਹਲਤ ਪਲਤ ਮਹਿ ਹੋਇ ਨਿਹਾਲਾ॥
ਗੁਰਦੁਆਰਾ ਸਾਹਿਬ ਰਿਵਰਸਾਈਡ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ
ਜੂਨ 29, 2025 ਤੋਂ ਅਗਸਤ 3, 2025 ਤੱਕ
ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੋ 8:00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ
YouTube LIVE STREAM @gurdwarasahibriverside
951-201-7034, 832-541-9136, 951-685-9701
7940 Mission Blvd Jurupa Valley 92509
ਆਵਾਜ਼ਿ ਕੌਮ AWAZE QAUM
International Newspaper & WEB TV


--✶ ਗੁਰੂ ਪੰਥ ਦਾ ਸੇਵਾਦਾਰ ✶--
ਸੰਤ ਗਿਆਨੀ ਹਰਨਾਮ
ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ
ਅਤੇ ਪ੍ਰਧਾਨ ਸੰਤ ਸਮਾਜ

ਅੱਜ ਪਿੰਡ ਜਲਾਲਆਣਾ ਜਿਲਾ ਸਿਰਸਾ ਵਿਖੇ

# ਮਾਤਾ ਸੁਰਜੀਤ ਕੌਰ ਜੀ ਦੀ ਅੰਤਿਮ ਅਰਦਾਸ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ









ਪਿੰਡ ਜਲਾਲਆਣਾ ਜਿਲਾ ਸਿਰਸਾ ਵਿਖੇ ਕੁਲਦੀਪ ਸਿੰਘ ਮੁਨੀ ਦੇ ਸਤਿਕਾਰਯੋਗ ਮਾਤਾ ਸੁਰਜੀਤ ਕੌਰ ਜੀ ਦੀ ਅੰਤਿਮ ਅਰਦਾਸ ਵਿੱਚ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ ਅਰਦਾਸ ਉਪਰੰਤ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਇਸ ਸਮੇਂ ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ,ਮਹਾਤਮਾ ਬਰਿੰਦਰ ਸਿੰਘ ਜਗਮਾਲ ਵਾਲੀ,ਪ੍ਰਸਿੱਧ ਸੂਫ਼ੀ ਗਾਇਕ ਸ਼ਮਸ਼ੇਰ ਸਿੰਘ ਲਹਿਰੀ,ਨੰਦ ਲਾਲ ਗਰੋਵਰ,ਨਿਰਮਲ ਸਿੰਘ ਮੱਲੜੀ,ਐਡਵੋਕੇਟ ਗੁਰਮੀਤ ਸਿੰਘ ਖਾਲਸਾ ਕਾਲਾਂਵਾਲੀ,ਬਾਬਾ ਪ੍ਰਤਾਪ ਸਿੰਘ ਕਿੰਗਰਾ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)


ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮਿਊਂਸਪਲ ਕਮੇਟੀ ਕਾਲਾਂਵਾਲੀ ਮੰਡੀ ਦੇ ਨਵੇਂ ਚੁਣੇ ਗਏ ਚੇਅਰਮੈਨ ਸ੍ਰੀ ਮਹੇਸ਼ ਕੁਮਾਰ ਝੋਰੜ ਅਤੇ ਸਾਥੀ ਪਾਰਸ਼ਦਾਂ ਵੱਲੋਂ

# ਜਥੇਦਾਰ ਦਾਦੂਵਾਲ ਜੀ ਦਾ ਸਵਾਗਤ ਕੀਤਾ ਗਿਆ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਵੇਂ ਬਣੇ ਚੇਅਰਮੈਨ ਅਤੇ ਪਾਰਸ਼ਦਾਂ ਨੂੰ ਵਧਾਈ





















ਅੱਜ ਕਾਲਾਂਵਾਲੀ ਮੁੰਡੀ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮਿਊਂਸਪਲ ਕਮੇਟੀ ਕਾਲਾਂਵਾਲੀ ਮੰਡੀ ਦੇ ਨਵੇਂ ਚੁਣੇ ਗਏ ਚੇਅਰਮੈਨ ਸ੍ਰੀ ਮਹੇਸ਼ ਕੁਮਾਰ ਝੋਰੜ ਅਤੇ ਸਾਥੀ ਪਾਰਸ਼ਦਾਂ ਵੱਲੋਂ ਜਥੇਦਾਰ ਦਾਦੂਵਾਲ ਜੀ ਦਾ ਸਵਾਗਤ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਨੇ ਨਵੇਂ ਬਣੇ ਚੇਅਰਮੈਨ ਅਤੇ ਪਾਰਸ਼ਦਾਂ ਨੂੰ ਵਧਾਈ ਦਿੱਤੀ ਇਸ ਸਮੇਂ ਕਾਲਾਂਵਾਲੀ ਮੰਡੀ ਤੋਂ ਸ੍ਰੀ ਰੰਟੀ ਸਿੰਗਲਾ,ਸ੍ਰੀ ਪ੍ਰਦੀਪ ਜੈਨ,ਸ੍ਰੀ ਓਮ ਪ੍ਰਕਾਸ਼ ਲੁਹਾਨੀ,ਸ੍ਰੀ ਜਗਦੀਸ਼ ਪਰਜਾਪੱਤੀ,ਸ੍ਰੀ ਸਰਵਣ ਪਰਜਾਪੱਤੀ,ਸ੍ਰੀ ਸੁਖ ਰਾਮ,ਸਰਦਾਰ ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਗੁਰਪਾਲ ਸਿੰਘ ਗੋਰਾ ਮੈਂਬਰ ਅਤੇ ਚੇਅਰਮੈਨ ਆਈ ਟੀ ਮੀਡੀਆ ਵਿੰਗ,ਸਰਦਾਰ ਪਰਮਜੀਤ ਸਿੰਘ ਮਾਖਾ ਸਾਬਕਾ ਮੈਂਬਰ,ਸਰਦਾਰ ਮਲਕੀਤ ਸਿੰਘ ਪੰਨੀਵਾਲਾ ਸਾਬਕਾ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਾਜ਼ਰ ਸਨ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## 'ਆਪ' ਪੂਰੀ ਤੇ ਕਾਂਗਰਸ ਅੱਧੀ ਭਗੌੜੀ

# ਸੰਯੁਕਤ ਕਿਸਾਨ ਮੋਰਚੇ ਵਲੋਂ ਸੱਦੀ ਗਈ ਸਰਬਦਲੀ ਬੈਠਕ ਵਿਚ ਇਹ 4 ਖਾਲੀ ਕੁਰਸੀਆਂ ਰੜਕਦੀਆਂ ਰਹੀਆਂ








'ਆਪ' ਪੂਰੀ ਤੇ ਕਾਂਗਰਸ ਅੱਧੀ ਭਗੌੜੀ : ਸੰਯੁਕਤ ਕਿਸਾਨ ਮੋਰਚੇ ਵਲੋਂ ਸੱਦੀ ਗਈ ਸਰਬਦਲੀ ਬੈਠਕ ਵਿਚ ਇਹ 4 ਖਾਲੀ ਕੁਰਸੀਆਂ ਰੜਕਦੀਆਂ ਰਹੀਆਂ। ਅੱਧ ਤੋਂ ਜ਼ਿਆਦਾ ਬੈਠਕ ਬੀਤਣ ਤੋਂ ਬਾਅਦ ਐਸਕੇਐਮ ਦੇ ਨੁਮਾਇੰਦਿਆਂ ਵਲੋਂ ਸੱਤਾਧਾਰੀ ਧਿਰ 'ਆਪ' ਤੇ ਵਿਰੋਧੀ ਧਿਰ ਕਾਂਗਰਸ ਨੂੰ ਗੈਰਹਾਜ਼ਰ ਵੀ ਗਰਦਾਨ ਦਿੱਤਾ ਗਿਆ, ਕਿਉਂਕਿ ਬੈਠਕ ਦਾ ਤੈਅ ਸਮਾਂ 11 ਵਜੇ ਸੀ, ਪਰ ਬੈਠਕ ਸਾਢੇ 11 ਵਜੇ ਸ਼ੁਰੂ ਹੋਈ ਤੇ ਕਰੀਬ 1 ਵਜੇ ਤੋਂ ਬਾਅਦ ਤੱਕ ਇਨ੍ਹਾਂ ਦੋਵਾਂ ਪਾਰਟੀਆਂ ਦੇ ਨੁਮਾਇੰਦੇ ਨਹੀਂ ਪਹੁੰਚੇ ਸਨ। ਸਵਾ 1 ਦੇ ਲਾਗੇ-ਪਾਸੇ ਕਾਂਗਰਸ ਦੇ ਦੋ ਨੁਮਾਇੰਦੇ ਪਹੁੰਚੇ, ਜਦੋਂ ਪੌਣੀ ਤੋਂ ਵੱਧ ਬੈਠਕ ਮੁਕੰਮਲ ਹੋ ਚੁੱਕੀ ਸੀ। ਜਦੋਂ ਕਿ ਆਮ ਆਦਮੀ ਪਾਰਟੀ ਤਾਂ ਪੂਰੀ ਤਰ੍ਹਾਂ ਭਗੌੜੀ ਹੀ ਹੋ ਗਈ। ਲੈਂਡ ਪੂਲਿੰਗ ਪਾਲਿਸੀ ਦੇ ਨਾਲ-ਨਾਲ ਪਾਣੀਆਂ ਦੇ ਮਸਲੇ, ਵਪਾਰ ਸਮਝੌਤੇ ਤੇ ਸਹਿਕਾਰਤਾ ਦੇ ਮੁੱਦੇ 'ਤੇ ਸੰਯੁਕਤ ਕਿਸਾਨ ਮੋਰਚੇ ਵਲੋਂ ਕਿਸਾਨ ਭਵਨ ਚੰਡੀਗੜ੍ਹ ਵਿਖੇ ਇਹ ਸਰਬਦਲੀ ਬੈਠਕ ਬੁਲਾਈ ਗਈ ਸੀ। ਸੋ ਇਸ ਬੈਠਕ ਵਿਚ ਦੁਪਹਿਰ 1 ਵਜੇ ਤੱਕ ਖਾਲੀ ਰੜਕਦੀਆਂ ਰਹੀਆਂ ਇਹ 4 ਕੁਰਸੀਆਂ ਦੀਆਂ ਫੋਟੋਆਂ ਮੈਂ ਜਨਤਕ ਕਰ ਰਿਹਾ ਹਾਂ। ਸਮਝ ਨਹੀਂ ਆਈ ਕਿ ਵਿਰੋਧੀ ਧਿਰ ਨੇ ਦੇਰ ਨਾਲ ਆਉਣ ਦਾ ਫੈਸਲਾ ਇਸ ਲਈ ਕੀਤਾ ਕਿ ਪਹਿਲਾਂ ਉਨ੍ਹਾਂ ਲਾਈਵ ਦੇਖਿਆ ਫਿਰ ਫਜੀਅਤ ਤੋਂ ਬਚਣ ਲਈ ਆਏ ਜਾਂ ਕੋਈ ਹੋਰ ਕਾਰਨ ਸੀ। ਪਰ ਜਿਸ ਪਾਰਟੀ ਦੇ ਹੱਥ ਪੰਜਾਬ ਦੀ ਡੋਰ ਹੈ, ਉਹ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਦਾ ਕੋਈ ਵੀ ਨੁਮਾਇੰਦਾ ਬੈਠਕ ਵਿਚ ਹਾਜ਼ਰ ਨਹੀਂ ਹੋਇਆ,ਉਸ ਸਮੇਂ ਤੱਕ ਤਾਂ ਬਿਲਕੁਲ ਵੀ ਨਹੀਂ, ਜਦੋਂ ਮੈਂ ਫੋਟੋਆਂ ਜਨਤਕ ਕਰ ਰਿਹਾ ਹਾਂ। ਪੰਜਾਬ ਦੇ ਮਸਲਿਆਂ ਲਈ ਸੱਤਾਧਾਰੀ ਧਿਰ ਖੁੱਲ੍ਹੀ ਚਰਚਾ ਤੋਂ ਕਿਉਂ ਭਗੌੜੀ ਹੈ ਤੇ ਵਿਰੋਧੀ ਧਿਰ ਰਤਾ ਵੀ ਗੰਭੀਰ ਕਿਉਂ ਨਹੀਂ ਹੈ। ਇਸ ਸਵਾਲ ਦਾ ਜਵਾਬ ਲੱਭਣ ਦੀ ਕੋਸ਼ਿਸ਼ ਕਰ ਰਿਹਾ ਹਾਂ। ਚਲੋ ਭਗੌੜੇ ਤਾਂ ਭਗੌੜੇ ਹਨ, ਲੱਭਦੇ ਰਹੋ। ਪੰਜਾਬ ਦਾ ਰੱਬ ਰਾਖਾ

**- ਦੀਪਕ ਸ਼ਰਮਾ ਚਨਾਰਥਲ**

## ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ 'ਚੋਂ ਕੱਢ ਕੇ ਚੰਗੇ ਭਵਿੱਖ ਦੀ ਸਿਰਜਣਾ ਕਰਨਾ

# ਨਸ਼ਾ ਮੁਕਤੀ ਯਾਤਰਾ ਦਾ ਉਦੇਸ਼: ਬਰਿੰਦਰ ਕੁਮਾਰ ਗੋਇਲ




**ਲਹਿਰਾ/ ਮੂਨਕ/ ਖਨੌਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚਲਾਏ ਜਾ ਰਹੇ "ਯੁੱਧ ਨਸ਼ਿਆਂ ਦੇ ਵਿਰੁੱਧ" ਮੁਹਿੰਮ ਤਹਿਤ ਅੱਜ ਹਲਕਾ ਲਹਿਰਾ ਅਧੀਨ ਆਉਂਦੇ ਪਿੰਡਾਂ ਗੁਲਾੜੀ, ਠਸਕਾ, ਚੱਠਾ ਗੋਬਿੰਦਪੁਰਾ, ਖਨੌਰੀ ਮੰਡੀ, ਫੂਲਦ, ਹਾਂਡਾ ਅਤੇ ਕੁਦਨੀ ਵਿਖੇ ਨਸ਼ਾ ਮੁਕਤੀ ਯਾਤਰਾ ਅਧੀਨ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕੀਤੀਆਂ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਅਤੇ ਉਨ੍ਹਾਂ ਨੂੰ ਸਿਹਤਮੰਦ, ਸਸ਼ਕਤ ਅਤੇ ਉੱਜਵਲ ਭਵਿੱਖ ਵੱਲ ਅਗਵਾਈ ਕਰਨਾ ਹੈ। ਪੰਜਾਬ ਸਰਕਾਰ ਨਸ਼ਿਆਂ ਦੇ ਖਿਲਾਫ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸ ਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਉਨ੍ਹਾਂ ਨੇ ਲੋਕਾਂ, ਖਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਇਸ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਵੀ ਬਾਰੇ ਜਾਗਰੂਕ ਕੀਤਾ ਗਿਆ। ਕੈਬਨਿਟ ਮੰਤਰੀ ਨੇ ਦੱਸਿਆ ਕਿ ਨਸ਼ਾ ਵੇਚਣ ਅਤੇ ਫੈਲਾਉਣ ਵਾਲਿਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸਰਕਾਰ ਦੀ ਤਰਜੀਹ ਹੈ ਕਿ ਹਰ ਪਿੰਡ ਅਤੇ ਹਰ ਗਲੀ ਨੂੰ ਨਸ਼ਾ ਮੁਕਤ ਕੀਤਾ ਜਾਵੇ। ਸਰਕਾਰ ਵੱਲੋਂ ਸਿਹਤ ਵਿਭਾਗ, ਪੁਲਿਸ ਪ੍ਰਸ਼ਾਸਨ ਅਤੇ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਨਸ਼ਾ ਮੁਕਤੀ ਲਈ ਚਲਾਏ ਜਾ ਰਹੇ ਇਸ ਸਾਂਝੇ ਯਤਨ ਨੂੰ ਲੋਕਾਂ ਦਾ ਪੂਰਨ ਸਮਰਥਨ ਮਿਲ ਰਿਹਾ ਹੈ। ਨਸ਼ਾ ਮੁਕਤੀ ਯਾਤਰਾ ਲਗਾਤਾਰ ਵੱਖੋ ਵੱਖ ਪਿੰਡਾਂ ਤੇ ਸ਼ਹਿਰਾਂ ਵਿੱਚ ਆਯੋਜਿਤ ਕੀਤੀ ਜਾਵੇਗੀ, ਤਾਂ ਜੋ ਪੂਰੇ ਖੇਤਰ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਿਆ ਜਾ ਸਕੇ। ਇਸ ਮੌਕੇ ਪੀ.ਏ. ਰਾਕੇਸ਼ ਕੁਮਾਰ ਗੁਪਤਾ, ਸਰਪੰਚ ਨਿਸ਼ਾਨ ਸਿੰਘ ਚੱਠਾ ਗੋਬਿੰਦਪੁਰਾ, ਗੁਰਪੀਤ ਸਿੰਘ, ਪਾਰਸ ਸਿੰਘ, ਮਿੱਠੂ ਸਿੰਘ, ਬੀਰਭਾਨ ਕਾਂਸਲ ਪ੍ਰਧਾਨ ਟਰੱਕ ਯੂਨੀਅਨ ਖਨੌਰੀ, ਸੁਰਿੰਦਰ ਕਰੋਦਾ, ਸੰਜੇ ਸਿੰਗਲਾ, ਅਨਿਲ ਕੁਮਾਰ, ਅਸ਼ੋਕ ਕੁਮਾਰ, ਮਾਨ ਸਿੰਘ ਹਾਂਡਾ, ਆਤਮਾ ਸਿੰਘ, ਮਹਿੰਦਰ ਸਿੰਘ ਕੂੰਦਨੀ ਚੇਅਰਮੈਨ ਮਾਰਕੀਟ ਕਮੇਟੀ ਮੂਨਕ, ਰਿੰਕੂ ਸਿੰਘ, ਪ੍ਰਗਟ ਸਿੰਘ ਸਰਪੰਚ ਪਿੰਡ ਫੂਲਦ, ਸਤਿਗੁਰ ਸਿੰਘ ਸਰਪੰਚ ਪਿੰਡ ਮਨਿਆਣਾ, ਮਿੱਠੂ ਰਾਮ ਪਿੰਡ ਮਨਿਆਣਾ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਵੱਡੀ ਗਿਣਤੀ ਆਮ ਲੋਕ ਹਾਜ਼ਰ ਸਨ।

**ਹਲਕਾ ਲਹਿਰਾ ਅਧੀਨ ਆਉਂਦੇ ਪਿੰਡਾਂ ਗੁਲਾੜੀ, ਠਸਕਾ, ਚੱਠਾ ਗੋਬਿੰਦਪੁਰਾ, ਖਨੌਰੀ ਮੰਡੀ, ਫੂਲਦ, ਹਾਂਡਾ ਅਤੇ ਕੁਦਨੀ ਵਿਖੇ ਨਸ਼ਾ ਮੁਕਤੀ ਯਾਤਰਾ ਅਧੀਨ ਰੱਖਿਆ ਕਮੇਟੀਆਂ ਨਾਲ ਕੈਬਨਿਟ ਮੰਤਰੀ ਵੱਲੋਂ ਮੀਟਿੰਗਾਂ**

## ਸ੍ਰੀ ਹਰਿਮੰਦਰ ਸਾਹਿਬ ਦੀ ਸੁਰੱਖਿਆ 'ਤੇ ਵੱਡੀ ਕਾਰਵਾਈ ! ਪ੍ਰਧਾਨ ਮੰਤਰੀ ਮੋਦੀ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਦਿੱਤੇ ਸਖ਼ਤ ਨਿਰਦੇਸ਼ : ਬ੍ਰਹਮਪੁਰਾ

**ਵਾਹਿਗੁਰੂ ਜੀ ਕਾ ਖ਼ਾਲਸਾ, ਵਾਹਿਗੁਰੂ ਜੀ ਕੀ ਫ਼ਤਿਹ।।।**



ਤੁਹਾਡੇ ਸਾਰਿਆਂ ਨਾਲ ਇਹ ਅਹਿਮ ਜਾਣਕਾਰੀ ਸਾਂਝੀ ਕਰਦਿਆਂ ਮੈਨੂੰ ਬਹੁਤ ਤਸੱਲੀ ਮਿਲ ਰਹੀ ਹੈ ਕਿ ਸ੍ਰੀ ਦਰਬਾਰ ਸਾਹਿਬ ਨੂੰ ਮਿਲ ਰਹੀਆਂ ਧਮਕੀਆਂ ਦੇ ਮੁੱਦੇ 'ਤੇ ਸਾਡੀ ਆਵਾਜ਼ ਸੁਣੀ ਗਈ ਹੈ। ਮੇਰੇ ਵੱਲੋਂ ਪ੍ਰਧਾਨ ਮੰਤਰੀ ਸ੍ਰੀ. Narendra Modi ਜੀ ਨੂੰ ਲਿਖੇ ਪੱਤਰ ਤੋਂ ਬਾਅਦ, ਬੀਤੇ ਕੱਲ੍ਹ ਮੇਰੀ ਇੱਕ ਪ੍ਰਾਈਵੇਟ ਨੰਬਰ ਜ਼ਰੀਏ PMO India ਨਾਲ ਗੱਲਬਾਤ ਹੋਈ ਅਤੇ ਅੱਜ ਸਾਨੂੰ ਈਮੇਲ ਰਾਹੀਂ ਰਸਮੀ ਜਵਾਬ ਵੀ ਮਿਲ ਗਿਆ ਹੈ। ਮਾਣਯੋਗ ਪ੍ਰਧਾਨ ਮੰਤਰੀ ਜੀ ਨੇ ਇਸ ਮਾਮਲੇ ਨੂੰ ਬੇਹੱਦ ਗੰਭੀਰਤਾ ਨਾਲ ਲੈਂਦਿਆਂ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ. Amit Shah ਜੀ ਨੂੰ ਇਸ 'ਤੇ ਤੁਰੰਤ ਅਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ।

ਮੈਂ ਪ੍ਰਧਾਨ ਮੰਤਰੀ ਜੀ ਦਾ ਇਸ ਫੌਰੀ ਕਾਰਵਾਈ ਲਈ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਜਿਵੇਂ ਮੈਂ ਹਮੇਸ਼ਾ ਕਹਿੰਦਾ ਹਾਂ, ਸਾਡੇ ਸਾਰਿਆਂ ਲਈ ਸ੍ਰੀ ਹਰਿਮੰਦਰ ਸਾਹਿਬ ਦੀ ਸੁਰੱਖਿਆ ਅਤੇ ਪਵਿੱਤਰਤਾ ਤੋਂ ਉੱਪਰ ਕੁਝ ਵੀ ਨਹੀਂ ਹੈ। ਆਓ ਸਾਰੇ ਗੁਰੂ ਸਾਹਿਬ ਅੱਗੇ ਅਰਦਾਸ ਕਰੀਏ ਕਿ ਉਹ ਇਸ ਮਾਮਲੇ ਦੇ ਦੋਸ਼ੀਆਂ ਨੂੰ ਜਲਦ ਬੇਨਕਾਬ ਕਰਨ ਵਿੱਚ ਸਹਾਇਤਾ ਕਰਨ। ਰਵਿੰਦਰ ਸਿੰਘ ਬ੍ਰਹਮਪੁਰਾ ਮੀਤ ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਖਡੂਰ ਸਾਹਿਬ।

## ਧਰਮ ਪ੍ਰਚਾਰ ਕਮੇਟੀ ਵੱਲੋਂ ਸ਼ੇਖਪੁਰਾ ਦੇ ਗੁ: ਕੀਰਤਨਪੁਰਾ ਸਾਹਿਬ ਲਈ ਕੀਰਤਨੀ ਸਾਜ਼ ਭੇਟ



ਤਲਵੰਡੀ ਸਾਬੋ, 18 ਜੁਲਾਈ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਵਿੱਚ ਸ਼ਬਦ ਕੀਰਤਨ ਸਮੇਂ ਲੋੜੀਂਦੇ ਸਾਜ਼ ਮੁਹੱਈਆ ਕਰਵਾਉਣ ਦੀ ਲੜੀ ਚ ਅੱਜ ਧਰਮ ਪ੍ਰਚਾਰ ਉਪ ਦਫਤਰ ਦਮਦਮਾ ਸਾਹਿਬ (ਤਲਵੰਡੀ ਸਾਬੋ) ਵੱਲੋਂ ਪਿੰਡ ਸ਼ੇਖਪੁਰਾ ਦੇ ਗੁਰਦੁਆਰਾ ਕੀਰਤਨਪੁਰਾ ਸਾਹਿਬ ਲਈ ਕੀਰਤਨੀ ਸਾਜ਼ ਭੇਟ ਕੀਤੇ ਗਏ। ਧਰਮ ਪ੍ਰਚਾਰ ਉੱਪ ਦਫਤਰ ਵੱਲੋਂ ਜਾਰੀ ਪ੍ਰੈੱਸ ਬਿਆਨ ਮੁਤਾਬਿਕ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਦੇ ਯਤਨਾਂ ਸਦਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਾਵਨ ਅਸਥਾਨ ਗੁ: ਕੀਰਤਨਪੁਰਾ ਸਾਹਿਬ ਲਈ ਕੀਰਤਨੀ ਸਾਜ਼ ਜਿੰਨ੍ਹਾਂ ਵਿੱਚ ਹਰਮੋਨੀਅਮ ਅਤੇ ਤਬਲਾ ਸ਼ਾਮਿਲ ਹਨ ਦੇਣ ਦੀ ਮੰਜ਼ੂਰੀ ਦਿੱਤੀ ਗਈ ਹੈ। ਅੱਜ ਉਕਤ ਕੀਰਤਨੀ ਸਾਜ਼ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੂੰ ਸੌਂਪਣ ਸਮੇਂ ਧਰਮ ਪ੍ਰਚਾਰ ਉਪ ਦਫਤਰ ਇੰਚਾਰਜ ਭਾਈ ਭੋਲਾ ਸਿੰਘ ਨੇ ਕਿਹਾ ਕਿ ਧਾਰਮਿਕ ਸਮਾਗਮਾਂ ਸਮੇਂ ਮਰਿਯਾਦਾ ਤਹਿਤ ਸ਼ਬਦ ਕੀਰਤਨ ਦਾ ਗਾਇਨ ਜ਼ਰੂਰ ਹੋਵੇ ਇਸ ਲਈ ਇਹ ਕੀਰਤਨੀ ਸਾਜ਼ ਪਿੰਡਾਂ ਦੇ ਗੁਰਦੁਆਰਾ ਸਾਹਿਬਾਨ ਨੂੰ ਮੁਹੱਈਆ ਕਰਵਾਏ ਜਾ ਰਹੇ ਹਨ। ਉੱਧਰ ਕੀਰਤਨੀ ਸਾਜ਼ ਦੇਣ 'ਤੇ ਗੁ: ਕੀਰਤਨਪੁਰਾ ਸਾਹਿਬ ਦੇ ਮੁਖੀ ਬਾਬਾ ਅਜੀਤ ਸਿੰਘ ਅਤੇ ਮੁੱਖ ਗ੍ਰੰਥੀ ਅਜੈਬ ਸਿੰਘ ਨੇ ਜਥੇਦਾਰ ਬਾਬਾ ਟੇਕ ਸਿੰਘ ਦੇ ਨਾਲ ਨਾਲ ਧਰਮ ਪ੍ਰਚਾਰ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਦੁਆਰਾ ਇੰਸਪੈਕਟਰ ਗੁਰਤੇਜ ਸਿੰਘ ਵੀ ਮੌਜੂਦ ਸਨ।

## ਹਰਿਆਣਾ ਸਿੱਖ ਗੁਰਦੁਆਰਾ ਚੋਣ ਜਾਂ ਜੁਡੀਸ਼ਲ ਕਮਿਸ਼ਨ ਚੁਣੇ ਹੋਏ ਮੈਂਬਰਾਂ ਦਾ ਕਰਾਵੇ ਡੋਪ ਟੈਸਟ - ਮੀਤ ਪ੍ਰਧਾਨ


### ਡੋਪ ਟੈਸਟ ਵਿੱਚ ਦੋਸ਼ੀ ਪਾਏ ਗਏ ਮੈਂਬਰਾਂ ਦੀ ਮੈਂਬਰਸ਼ਿਪ ਹੋਵੇ ਰੱਦ



**ਚੰਡੀਗੜ੍ਹ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ 19 ਜਨਵਰੀ 2025 ਨੂੰ ਹਰਿਆਣਾ ਸਿੱਖ ਗੁਰਦੁਆਰਾ ਚੋਣ ਕਮਿਸ਼ਨਰ ਵੱਲੋਂ ਕਰਵਾਈ ਗਈ ਸੀ ਜਿਸ ਵਿੱਚ 40 ਵਾਰਡਾਂ ਤੋਂ ਮੈਂਬਰ ਚੁਣੇ ਗਏ ਸਨ ਤੇ ਬਾਅਦ ਵਿੱਚ 9 ਮੈਂਬਰ ਕੋਪਟ ਕਰਕੇ 49 ਦਾ ਪੂਰਾ ਹਾਊਸ ਬਣਿਆ ਸੀ ਸਿੱਖ ਸੰਗਤਾਂ ਵੱਲੋਂ ਪੁੱਜੀਆਂ ਸ਼ਿਕਾਇਤਾਂ ਅਨੁਸਾਰ ਕੁਝ ਕੁ ਮੈਂਬਰ ਦੇ ਵੱਖ ਵੱਖ ਤਰਾਂ ਦੇ ਨਸ਼ਾ ਕਰਨ ਦੀਆਂ ਸ਼ਿਕਾਇਤਾਂ ਆ ਰਹੀਆਂ ਹਨ ਜੋ ਕੇ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ ਧਾਰਮਿਕ ਸੰਸਥਾ ਦਾ ਨੁਮਾਇੰਦਾ ਬੜਾ ਸਾਫ ਸੁਥਰਾ ਤੇ ਨਸ਼ਾ ਰਹਿਤ ਹੋਣਾ ਚਾਹੀਦਾ ਹੈ ਮੀਡੀਆ ਨਾਲ ਗੱਲਬਾਤ ਕਰਦਿਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸਰਦਾਰ ਗੁਰਬੀਰ ਸਿੰਘ ਤਲਾਕੌਰ ਯਮੁਨਾਨਗਰ ਨੇ ਹਰਿਆਣਾ ਸਿੱਖ ਗੁਰਦੁਆਰਾ ਚੋਣ ਕਮਿਸ਼ਨਰ ਅਤੇ ਹਰਿਆਣਾ ਸਿੱਖ ਗੁਰਦੁਆਰਾ ਜੁਡੀਸ਼ਲ ਕਮਿਸ਼ਨਰ ਨੂੰ ਅਪੀਲ ਕਰਦਿਆਂ ਕਿਹਾ ਕੇ ਸੰਗਤਾਂ ਦੀ ਤਸੱਲੀ ਵਾਸਤੇ 11 ਮੈਂਬਰੀ ਐਗਜੈਕਟਿਵ ਅਤੇ ਪੂਰੇ ਜਨਰਲ ਹਾਊਸ ਦਾ ਡੋਪ ਟੈਸਟ ਕਰਵਾਇਆ ਜਾਵੇ ਕਿਉਂਕਿ ਗੁਰਦੁਆਰਾ ਐਕਟ 2014 ਵਿੱਚ ਵੀ ਵਿੱਚ ਲਿਖਿਆ ਹੈ ਕੇ ਇਸ ਕਮੇਟੀ ਦਾ ਕੋਈ ਵੀ ਮੈਂਬਰ ਕਿਸੇ ਤਰਾਂ ਦੇ ਨਸ਼ੇ ਦਾ ਸੇਵਨ ਨਾ ਕਰਦਾ ਹੋਵੇ ਅਤੇ ਦਿਮਾਗੀ ਸੰਤੁਲਨ ਖਰਾਬ ਨਾ ਹੋਵੇ,ਸਜ਼ਾ ਯਾਫਤਾ ਜਾਂ ਦੀਵਾਲੀਆ ਨਾ ਹੋਵੇ ਡੋਪ ਟੈਸਟ ਦੌਰਾਨ ਜੇਕਰ ਕੋਈ ਦੋਸ਼ੀ ਪਾਇਆ ਜਾਂਦਾ ਹੈ ਤੇ ਉਸਦੀ ਮੈਂਬਰਸ਼ਿਪ ਰੱਦ ਕੀਤੀ ਜਾਵੇ ਮੀਤ ਪ੍ਰਧਾਨ ਗੁਰਬੀਰ ਸਿੰਘ ਤਲਾਕੌਰ ਨੇ ਕਿਹਾ ਕੇ ਅਗਰ ਡੋਪ ਟੈਸਟ ਵਿੱਚ ਸਾਰੇ ਸਹੀ ਪਾਏ ਜਾਂਦੇ ਹਨ ਤਾਂ ਇਸ ਨਾਲ ਸਿੱਖ ਸੰਗਤਾਂ ਦੀ ਤਸੱਲੀ ਹੋ ਜਾਵੇਗੀ ਕੇ ਕੋਈ ਵੀ ਮੈਂਬਰ ਕਿਸੇ ਤਰਾਂ ਦੇ ਸ਼ਰਾਬ ਭੁੱਕੀ ਅਫੀਮ ਨਸ਼ੇ ਦਾ ਸੇਵਨ ਨਹੀਂ ਕਰਦਾ ਸਰਦਾਰ ਗੁਰਬੀਰ ਸਿੰਘ ਨੇ ਕਿਹਾ ਕੇ ਹਰਿਆਣਾ ਕਮੇਟੀ ਮੈਂਬਰ ਸਹਿਬਾਨਾਂ ਦਾ ਇੱਕ ਵਫ਼ਦ ਲੈ ਕੇ ਜਲਦੀ ਹੀ ਕਮਿਸ਼ਨਰ ਸਾਹਿਬਾਨਾਂ ਨੂੰ ਇੱਕ ਮੰਗ ਪੱਤਰ ਦਿੱਤਾ ਜਾਵੇਗਾ।

ਅੱਜ ਗੁਰਪੁਰਬ 'ਤੇ ਵਿਸ਼ੇਸ਼

# ਸ੍ਰੀ ਹਰਿਕ੍ਰਿਸ਼ਨ ਧਿਆਈਐ ਜਿਸੁ ਡਿਠੈ ਸਭਿ ਦੁਖ ਜਾਇ ॥



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



**ਸਰਬੰਸਦਾਨੀ** ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਦਿਬ-ਦ੍ਰਿਸ਼ਟੀ ਵਿੱਚ ਅੱਠਵੇਂ ਗੁਰੂ ਨਾਨਕ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਅਜਿਹੀ ਆਤਮ-ਰਸੀ ਸ਼ਖ਼ਸੀਅਤ ਦੇ ਮਾਲਕ ਸਨ, ਕਿ ਉਨ੍ਹਾਂ ਦੇ ਦਰਸ਼ਨ-ਦੀਦਾਰੇ ਹਰ ਦਰਸ਼ਨ-ਅਭਿਲਾਸ਼ੀ ਦੇ ਦੁੱਖਾਂ-ਦਲਿਦਰਾਂ ਦਾ ਨਾਸ਼ ਕਰ ਦਿੰਦੇ ਹਨ । ਸਮਕਾਲੀ ਮਹਾਨ ਵਿਦਵਾਨ ਸਿੱਖ ਵਿਦਵਾਨ ਭਾਈ ਗੁਰਦਾਸ ਜੀ ਦੀ ਦ੍ਰਿਸ਼ਟੀ ਵਿੱਚ ਗੁਰੂ ਹਰਿਕ੍ਰਿਸ਼ਨ ਸਾਹਿਬ ਅਜਿਹੀ ਆਤਮਿਕ ਬੱਲ ਵਾਲੀ ਹਸਤੀ ਦੇ ਮਾਲਕ ਸਨ, ਡਰਨਾ ਤੇ ਡਰਾਉਣਾ ਉਨ੍ਹਾਂ ਦੇ ਸੁਭਾਅ ਵਿੱਚ ਹੀ ਨਹੀਂ ਸੀ ।ਸੱਤਵੇਂ ਪਾਤਸ਼ਾਤ ਗੁਰੂ ਹਰਿ ਰਾਇ ਸਾਹਿਬ ਜੀ ਆਪਣੇ ਸਪੁੱਤਰ ਰਾਮਰਾਇ ਬਾਰੇ ਸਿੱਖ ਜਗਤ ਨੂੰ ਸੁਚੇਤ ਕਰਦਿਆਂ ਬਚਨ ਕੀਤੇ ਸਨ, ਇਸ ਦੋਖੀ ਦੇ ਦਰਸ਼ਨ ਨਾ ਕੀਤੇ ਜਾਣ, ਜਿਸ ਨੇ ਗੁਰੂ ਨਾਨਕ ਸਾਹਿਬ ਜੀ ਦੀ ਪਾਵਨ ਬਾਣੀ ਦਾ ਨਿਰਾਦਰ ਕੀਤਾ ਹੈ, ਪਰ ਆਪਣੇ ਛੋਟੇ ਸਪੁੱਤਰ ਸ੍ਰੀ ਹਰਿਕ੍ਰਿਸ਼ਨ ਦੀ ਬਾਲ-ਅਵਸਥਾ ਵਿੱਚ ਹੀ ਆਤਮ-ਬਲ ਅਤੇ ਉਚੇਰੀ ਸੋਚ ਨੂੰ ਦੇਖਦਿਆਂ ਐਲਾਨ ਕਰ ਦਿੱਤਾ, ਜਿਹੜਾ ਗੁਰੂ ਹਰਿਕ੍ਰਿਸ਼ਨ ਦੇ ਦਰਸ਼ਨ ਕਰੇਗਾ ਜਾਂ ਹਿਰਦੇ ਤੋਂ ਗੁਰੂ ਹਰਿਕ੍ਰਿਸ਼ਨ ਦਾ ਧਿਆਨ ਧਰੇਗਾ, ਉਸ ਦੇ ਜਨਮਾਂ-ਜਨਮਾਂਤਰਾਂ ਦੇ ਦੁੱਖ ਦੂਰ ਹੋਣਗੇ ਅਤੇ ਉਸ ਨੂੰ ਗੁਰੂ ਨਾਨਕ ਸਾਹਿਬ ਦੀ ਖੁਸ਼ੀ ਨਸੀਬ ਹੋਵੇਗੀ ।

ਇਤਿਹਾਸਕ ਜ਼ਿਕਰ ਹੈ, ਜਦੋਂ 1661 ਈ: ਨੂੰ ਸੱਤਵੇਂ ਗੁਰੂ ਨਾਨਕ ਗੁਰੂ ਹਰਿ ਰਾਏ ਸਾਹਿਬ ਜੋਤੀ ਜੋਤ ਸਮਾਉਣ ਲੱਗੇ ਤਾਂ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀ ਸਰੀਰਕ ਉਮਰ ਕੇਵਲ ਪੰਜ ਵਰ੍ਹਿਆਂ ਦੀ ਸੀ । ਸੱਤਵੇਂ ਪਾਤਸ਼ਾਹ ਨੇ ਸ੍ਰੀ ਹਰਿਕ੍ਰਿਸ਼ਨ ਜੀ ਦੇ ਸੁਭਾਅ ਭੈਅ ਅਤੇ ਭਰਮ ਤੋਂ ਮੁਕਤੀ ਵਾਲੇ ਗੁਣ ਦੇਖਦਿਆਂ ਗੁਰੂ ਨਾਨਕ ਸਾਹਿਬ ਜੀ ਦੀ ਗੱਦੀ ਦਾ ਅੱਠਵਾਂ ਵਾਰਿਸ ਨਿਯੁਕਤ ਕਰਦੇ ਸਮੇਂ ਆਪਣੀ ਜੋਤਿ ਤੇ ਜੁਗਤਿ ਟਿਕਾ ਦਿੱਤੀ ।ਪਹਿਲਾਂ ਆਪ ਨੂੰ ਗੁਰੂ ਸਿੰਘਾਸਨ ਉੱਪਰ ਬਿਠਾਇਆ, ਉਪਰੰਤ ਮੱਥਾ ਟੇਕ ਕੇ ਗੁਰੂ ਰੂਪ ਵਿੱਚ ਪ੍ਰਗਟ ਕਰ ਦਿੱਤਾ ।ਇਹ ਵੱਡਿਆਈ ਤੇ ਵਚਿੱਤਰ ਗੁਣ ਕੇਵਲ ਗੁਰੂ ਹਰਿਕ੍ਰਿਸ਼ਨ ਸਾਹਿਬ ਵਿੱਚ ਹੀ ਹੈ ਕਿ ਪੰਜ ਸਾਲ ਦੀ ਬਾਲ ਅਵਸਥਾ ਵਿੱਚ ਹੀ ਗੁਰੂ ਨਾਨਕ ਦੀ ਜੋਤਿ ਦੀ ਦਾਤ ਅਤੇ ਵੱਡਿਆਈ ਪ੍ਰਾਪਤ ਹੀ ਨਹੀਂ ਕੀਤੀ, ਸਗੋਂ ਗੁਰਤਾਗੱਦੀ 'ਤੇ ਬਿਰਾਜਦਿਆਂ ਸਿੱਖ ਸੋਚ, ਸਿੱਖ ਫਲਸਫ਼ਾ, ਸਿੱਖ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਸਿੱਖ ਸੰਗਤ ਤੇ ਸਿੱਖੀ ਪ੍ਰਚਾਰ ਦੀ ਲਹਿਰ ਨੂੰ ਗੁਰੂ ਵਜੋਂ ਅਗਵਾਈ ਦਿੰਦਿਆਂ, ਗੁਰੂ ਜੋਤਿ ਵਾਲੇ ਮਾਣ ਤੇ ਸਤਿਕਾਰ ਨੂੰ ਕਾਇਮ ਰੱਖਿਆ।

ਇਤਿਹਾਸ ਦੇ ਪੰਨਿਆਂ 'ਤੇ ਇਸ ਗੱਲ ਦਾ ਜ਼ਿਕਰ ਵੀ ਮਿਲਦਾ ਹੈ । ਸਮਕਾਲੀ ਸਮਾਜ ਦਾ ਵਿਚਾਰ ਸੀ, ਛੋਟੀ ਅਵਸਥਾ ਦਾ ਬਾਲ ਗੁਰੂ ਕਿਵੇਂ ਹੋ ਸਕਦਾ ਹੈ ? ਅਜਿਹੀ ਸੋਚ ਸਮਕਾਲੀ ਲੋਕਾਂ ਦੀ ਸੋਚ ਸੀ ਕਿ ਪੰਜ ਸਾਲ ਦੀ ਉਮਰ ਤਾਂ ਕੇਵਲ ਬਾਲ-ਬੁੱਧੀ ਹੀ ਹੁੰਦੀ ਹੈ ।ਅਨੁਭਵ ਜਾਂ ਤਜਰਬਾ ਤਾਂ ਵਡੇਰੀ ਉਮਰ ਦੇ ਲੋਕਾਂ ਕੋਲ ਹੀ ਹੁੰਦਾ ਹੈ ।ਇਸ ਉਮਰ ਵਿੱਚ ਸਮਾਜਿਕ ਤੇ ਰਾਜਨੀਤਿਕ ਸਮੱਸਿਆਵਾਂ ਨੂੰ ਸਮਝਣਾ ਵੀ ਕਠਿਨ ਹੁੰਦਾ ਹੈ ।ਬਾਲ ਉਮਰ ਵਿੱਚ ਤਾਂ ਕੇਵਲ ਸੁਰਤ, ਮਨ, ਬਲ ਦਾ ਵਿਕਾਸ ਹੁੰਦਾ ਹੈ ।ਲੋਕ ਭਲਾਈ ਤੇ ਪਰਉਪਕਾਰੀ ਕਾਰਜਾਂ ਨੂੰ ਸਮਝਣਾ ਤੇ ਪਹਿਚਾਨਣਾ ਔਖਾ ਕਾਰਜ ਹੈ ।ਪਰ ਜਦੋਂ ਅੱਠਵੇਂ ਪਾਤਸ਼ਾਹ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਗੁਰਤਾ ਗੱਦੀ ਕਾਲ ਉੱਤੇ ਝਾਤ ਮਾਰਦੇ ਹਾਂ ਤਾਂ ਪੰਜ ਤੋਂ ਅੱਠ ਸਾਲ ਦੀ ਬਾਲ ਅਵਸਥਾ ਦੇ ਤਿੰਨ ਸਾਲਾਂ ਵਿੱਚ ਜਿਹੜੇ ਕਾਰਜ ਬਾਬਾ ਪ੍ਰੀਤਮ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਕੀਤੇ, ਉਹ ਕਿੰਨੇ ਵਿਲੱਖਣ ਅਤੇ ਵਿਸ਼ੇਸ਼ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਗੁਰਤਾ ਗੱਦੀ ਦੇ ਤਿੰਨ ਵਰ੍ਹਿਆਂ ਵਿੱਚ ਗੁਰੂ ਘਰ ਦੀ ਸੇਵਾ ਅਤੇ ਪਰੰਪਰਾਵਾਂ ਨੂੰ ਕਾਇਮ ਰੱਖਦਿਆਂ ਕੇਵਲ ਸਿੱਖ ਸੰਗਤ ਦੀ ਅਗਵਾਈ ਹੀ ਨਹੀਂ ਕੀਤੀ, ਸਗੋਂ ਗੁਰੂ ਨਾਨਕ ਸਾਹਿਬ ਦੇ ਧਰਮ-ਆਦਰਸ਼ਾਂ ਨੂੰ ਕਾਇਮ ਰੱਖਦਿਆਂ ਪ੍ਰਚਾਰ ਤੇ ਪ੍ਰਸਾਰ ਪੂਰੀ ਸਰਗਰਮੀ ਨਾਲ ਕੀਤਾ ।ਸਮਾਜਿਕ ਤੇ ਰਾਜਨੀਤਿਕ ਤੌਰ 'ਤੇ ਸਿੱਖ ਸੰਗਤ ਨੂੰ ਆਪਣੇ ਪੂਰਵਜਾਂ ਵਾਂਗ ਹੀ ਜਾਗ੍ਰਿਤ ਕਰਦੇ ਰਹੇ ।ਜਦੋਂ ਸਮਕਾਲੀ ਬਾਦਸ਼ਾਹ ਔਰੰਗਜ਼ੇਬ ਨੇ ਆਪਣੇ ਦਰਬਾਰ ਵਿੱਚ ਬੁਲਾਇਆ ਤਾਂ ਉਸ ਦੀ ਕੂਟਨੀਤੀ ਨੂੰ ਸਮਝਦਿਆਂ ਦਰਸ਼ਨ-ਦੀਦਾਰੇ ਦੇਣ ਤੋਂ ਨਾਂਹ ਕਰਦਿਆਂ ਉਸ ਨੂੰ ਅਤਿਆਚਾਰੀ ਤੇ ਜ਼ਾਲਮ ਕਹਿ ਕੇ ਮਿਲਣ ਤੋਂ ਇਨਕਾਰ ਕਰ ਦਿੱਤਾ ।

ਆਪਣੀ ਬਿਬੇਕ ਬੁੱਧੀ ਅਤੇ ਜਾਗਤਿ-ਜੋਤ ਦਾ ਪ੍ਰਮਾਣ ਦਿੰਦਿਆਂ ਆਪਣੇ ਜੋਤਿ-ਜੋਤ ਸਮਾਉਣ ਸਮੇਂ ਬਾਬਾ-ਬੁਕਾਲੇ ਦਾ ਸੰਕੇਤ ਦੇ ਕੇ ਆਪਣੀ ਸਿਆਣਪ, ਤੀਖਣ ਬੁੱਧੀ ਅਤੇ ਦੂਰ ਦ੍ਰਿਸ਼ਟੀ ਨਾਲ ਗੁਰੂ ਨਾਨਕ ਦੀ ਨੌਵੀਂ ਜੋਤਿ ਦਾ ਐਲਾਨ ਕਰ ਦਿੱਤਾ ।ਆਪ ਜੀ ਆਪਣੇ ਥੋੜ੍ਹੇ ਸਮੇਂ ਦੇ ਗੁਰੂ ਕਾਲ ਦੌਰਾਨ ਗੁਰੂ ਘਰ ਦੇ ਦੋਖੀਆਂ, ਦਾਅਵੇਦਾਰਾਂ, ਨਿੰਦਕਾਂ ਵਜੋਂ ਵਿਚਰ ਰਹੇ ਧੀਰਮੱਲੀਆਂ, ਸੋਢੀਆਂ, ਰਾਮਰਾਈਆਂ ਤੇ ਸ਼ਾਹੀ ਦਾਅਵੇਦਾਰਾਂ ਦੀਆਂ ਕੋਝੀਆਂ ਕੂਟਨੀਤਿਕ ਚਾਲਾਂ ਨੂੰ ਸਮਝ ਕੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਵਿਚਰੇ । ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਆਗਮਨ ਅੱਜ ਦੇ ਦਿਨ 1656 ਈ: ਵਿੱਚ ਹੋਇਆ । ਆਪ ਜੀ ਕੀਰਤਪੁਰ ਸਾਹਿਬ ਦੀ ਪਾਵਨ ਧਰਤੀ ਉੱਪਰ ਪਿਤਾ ਗੁਰੂ ਹਰਿ ਰਾਇ ਸਾਹਿਬ ਅਤੇ ਮਾਤਾ ਕ੍ਰਿਸ਼ਨ ਕੌਰ ਦੇ ਗ੍ਰਹਿ ਵਿਖੇ ਪ੍ਰਗਟ ਹੋਏ ।ਇਤਿਹਾਸ ਇਸ ਗੱਲ ਦੀ ਗਵਾਹੀ ਦਿੰਦਾ ਹੈ ਕਿ ਕੀਰਤਪੁਰ ਸਾਹਿਬ ਵਿੱਚ ਗੁਰੂ ਪਿਤਾ ਗੁਰੂ ਹਰਿ ਰਾਇ ਸਾਹਿਬ ਦੇ ਦਰਬਾਰ ਵਿੱਚ ਹਰ ਰੋਜ਼ ਅੰਮ੍ਰਿਤ ਵੇਲੇ ਤੇ ਸੰਧਿਆ ਸਮੇਂ ਹੋਣ ਵਾਲੇ ਗੁਰੂ-ਕੀਰਤੀ ਸਮਾਗਮਾਂ ਸਮੇਂ ਆਪ ਜੀ ਸੰਗਤੀ ਰੂਪ ਵਿੱਚ ਸ਼ਾਮਿਲ ਹੋ ਕੇ ਗੁਰੂ ਮਹਿਮਾਂ ਦੇ ਕਾਰਜ ਕਰਦੇ ਸਨ ।

ਅਸਲ ਵਿੱਚ ਪ੍ਰਭੂ ਦਾ ਗਿਆਨ ਭਾਵ ਬ੍ਰਹਮ ਗਿਆਨ ਦੀ ਕੋਈ ਅਵਸਥਾ ਨਹੀਂ । ਵੱਡੀ ਉਮਰ ਜਾਂ ਬਾਲ ਅਵਸਥਾ ਨਾਲ ਇਸ ਗੱਲ ਦਾ ਕੋਈ ਸਬੰਧ ਨਹੀਂ । ਬਾਬਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਬਚਪਨ ਵਿੱਚ ਹੀ ਵਿਕਾਰਾਂ ਤੋਂ ਰਹਿਤ ਸਨ ।ਲਾਲਚ, ਕ੍ਰੋਧ, ਧੋਖਾ, ਕਪਟ, ਦੁਬਿਧਾ ਵਰਗੇ ਔਗੁਣ ਉਨ੍ਹਾਂ ਦੇ ਨੇੜੇ-ਤੇੜੇ ਵੀ ਨਹੀਂ ਸਨ ਆਉਂਦੇ ।ਬਾਲ ਅਵਸਥਾ ਵਿੱਚ ਹੀ ਉਨ੍ਹਾਂ ਦੇ ਅਨੁਭਵ ਅਤੇ ਬ੍ਰਹਮ-ਗਿਆਨ ਦੀ ਅਵਸਥਾ ਵੱਡੇ-ਵੱਡੇ ਜਪੀਆਂ, ਤਪੀਆਂ ਨੂੰ ਮਾਤ ਪਾਉਂਦੀ ਸੀ । ਹਿਰਦੇ ਦੀ ਕੋਮਲਤਾ, ਪਰਉਪਕਾਰ ਵਾਲੀ ਬਿਰਤੀ, ਨਿਮਰਤਾ, ਨਿਰਛਲਤਾ ਤੇ ਨਿਆਂ ਦੇਣ ਵਾਲੇ ਵੱਡੇ ਗੁਣ ਉਨ੍ਹਾਂ ਦੀ ਸ਼ਖ਼ਸੀਅਤ ਦੇ ਉੱਭਰਵੇਂ ਗੁਣ ਸਨ । ਦੋ ਵੱਡੇ ਗੁਣ ਕਿਸੇ ਰੱਬੀ-ਰੂਹ ਨੂੰ ਵੱਡਾ ਬਣਾਉਂਦੇ ਹਨ-ਪਹਿਲਾ ਗੁਣ ਬ੍ਰਹਮ-ਗਿਆਨ ਤੇ ਦੂਜਾ ਆਤਮਿਕ ਬਲ ।ਇਹ ਦੋਵੇਂ ਗੁਣ ਬਾਬਾ ਪ੍ਰੀਤਮ ਦੀ ਬਾਲ-ਸ਼ਖ਼ਸੀਅਤ ਦੇ ਸ਼ਿੰਗਾਰ ਸਨ । ਗੁਰੂ ਪਰੰਪਰਾ ਮੁਤਾਬਿਕ ਹਰ ਸ਼ੰਕੇ ਦੀ ਨਵਿਰਤੀ ਗਿਆਨ ਨਾਲ ਹੋ ਸਕਦੀ ਹੈ ।ਸਾਰੇ ਗੁਰੂ ਸਾਹਿਬਾਨ ਨੇ ਹਰ ਕਠਿਨ ਪ੍ਰਸ਼ਨ ਦਾ ਸਮਾਧਾਨ ਤਰਕ ਤੇ ਪਿਆਰ ਨਾਲ ਕੀਤਾ ।ਪੰਜੋਖਰਾ ਸਾਹਿਬ ਦੀ ਸਾਖੀ ਮੁਤਾਬਿਕ ਹੰਕਾਰੀ ਪੰਡਿਤ ਲਾਲ ਚੰਦ ਦੇ ਸਵਾਲ ਦਾ ਸਮਾਧਾਨ ਅਨਪੜ੍ਹ ਅਤੇ ਗੂੰਗੇ ਛੱਜੂ ਦੇ ਸਿਰ ਉੱਤੇ ਸਮਰੱਥ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਹੱਥ ਰੱਖਦਿਆਂ ਆਪਣੇ ਆਤਮਿਕ ਬਲ ਦੇ ਪ੍ਰਗਟਾਵੇ ਨਾਲ ਕੀਤਾ ।ਰਾਜਾ ਜੈ ਸਿੰਘ ਦੇ ਬੰਗਲੇ (ਬੰਗਲਾ ਸਾਹਿਬ) ਪਟਰਾਣੀ ਦੀ ਪਛਾਣ ਦਾ ਸੱਚ ਵੀ ਆਪਣੀ ਸਮਰੱਥਾ ਨਾਲ ਕੀਤਾ।

ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਜਿਹੜਾ ਪ੍ਰਚਾਰ ਤੇ ਪ੍ਰਸਾਰ ਪੰਜ ਤੋਂ ਅੱਠ ਸਾਲ ਦੀ ਸਰੀਰਕ ਅਵਸਥਾ ਵਿੱਚ ਕੀਤਾ, ਅਜਿਹਾ ਹੀ ਗੁਰਮਤਿ ਸਿਧਾਂਤਾਂ ਦਾ ਪ੍ਰਚਾਰ ਤੇ ਪ੍ਰਸਾਰ ਗੁਰੂ ਨਾਨਕ ਸਾਹਿਬ ਦੀ ਜੋਤਿ ਸ੍ਰੀ ਗੁਰੂ ਅਮਰਦਾਸ ਜੀ (ਤੀਜੇ ਸਤਿਗੁਰੂ) ਨੇ 96 ਸਾਲ ਦੀ ਸਰੀਰਕ ਅਵਸਥਾ ਵਿੱਚ ਕੀਤਾ । ਕਿਉਂਕਿ ਦੋਵੇਂ ਗੁਰੂ ਸਾਹਿਬਾਨ ਦੀ ਜੋਤਿ ਅਤੇ ਜੁਗਤਿ ਇਕੋ ਜਿਹੀ ਸੀ । ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਨੇ ਆਪਣੇ ਤੋਂ ਪਹਿਲਾਂ ਸਾਰੀਆਂ ਗੁਰੂ ਜੋਤਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਦਿਆਂ, ਉਦੇਸ਼ਾਂ ਤੇ ਆਦਰਸ਼ਾਂ ਦੀ ਪੂਰਤੀ ਲਈ ਨਿਰਵੈਰਤਾ ਅਤੇ ਨਿਰਭੈਤਾ ਨਾਲ ਪਹਿਰਾ ਦਿੱਤਾ । ਛੋਟੀ ਅਵਸਥਾ ਵਿੱਚ ਸਿੱਖ ਫਲਸਫ਼ੇ ਤੇ ਸਿਧਾਂਤਾਂ ਦਾ ਪ੍ਰਚਾਰ ਕਰਦਿਆਂ ਬ੍ਰਹਮ-ਗਿਆਨ ਤੇ ਆਤਮਿਕ ਬਲ ਦਾ ਅਜਿਹਾ ਪ੍ਰਗਟਾਵਾ ਕੀਤਾ, ਜਿਸ ਤੋਂ ਪ੍ਰਭਾਵਿਤ ਹੋ ਕੇ ਰਾਜਾ ਜੈ ਸਿੰਘ ਨੇ ਸ਼ਰਧਾ ਤੇ ਪਿਆਰ ਦੀ ਮੂਰਤੀ ਬਣ ਕੇ ਆਪਣਾ ਰਿਹਾਇਸ਼ੀ ਅਸਥਾਨ ਵੀ ਸਤਿਗੁਰੂ ਨੂੰ ਸਮਰਪਿਤ ਕਰ ਦਿੱਤਾ ।ਜਿਸ ਨੂੰ ਪਹਿਲਾਂ ਸਰਦਾਰ ਬਘੇਲ ਸਿੰਘ ਤੇ ਪਿੱਛੋਂ ਸਿੱਖ ਸੰਗਤਾਂ ਨੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੇ ਰੂਪ ਵਿੱਚ ਸੰਭਾਲਿਆ, ਗੁਰੂ ਹਰਿਕ੍ਰਿਸ਼ਨ ਸਾਹਿਬ 1664 ਈ: ਵਿੱਚ ਜੋਤੀ ਜੋਤਿ ਸਮਾ ਗਏ ।ਦੁੱਖਾਂ ਤੇ ਰੋਗਾਂ ਤੋਂ ਛੁਟਕਾਰਾ ਪ੍ਰਾਪਤ ਕਰਨ ਲਈ ਅੱਜ ਲੱਖਾਂ ਸਿੱਖ ਸੰਗਤ ਗੁਰੂ ਹਰਿਕ੍ਰਿਸ਼ਨ ਸਾਹਿਬ ਨੂੰ ਨਤਮਸਤਕ ਹੁੰਦੀ ਹੈ। ••

ਡੇਂਗੂ ਵਿਰੋਧੀ ਮੁਹਿੰਮ

## ਪੁਲਿਸ ਸਟੇਸ਼ਨ, ਡੀਐਸਪੀ ਦਫਤਰ ਅਤੇ ਖਾਲੀ ਪਲਾਟਾਂ ਵਿਚ ਡੇਂਗੂ ਸਰਵੇਖਣ ਤੇ ਜਾਗਰੂਕਤਾ ਮੁਹਿੰਮ ਚਲਾਈ







**ਤਲਵੰਡੀ ਸਾਬੋ, 18 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਸਿਹਤ ਵਿਭਾਗ ਵਲੋਂ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਡੇਂਗੂ ਵਿਰੋਧੀ ਮੁਹਿੰਮ ਤਹਿਤ ਅੱਜ ਡਰਾਈ ਡੇ ਮੌਕੇ ਪੁਲਿਸ ਸਟੇਸ਼ਨ, ਡੀ ਐਸ ਪੀ ਦਫਤਰ, ਪੁਲਿਸ ਸਾਂਝ ਕੇਂਦਰ ਅਤੇ ਖਾਲੀ ਪਲਾਟਾਂ ਵਿੱਚ ਡੇਂਗੂ ਸਰਵੇਖਣ ਕੀਤਾ ਗਿਆ। ਸਿਵਲ ਸਰਜਨ ਬਠਿੰਡਾ ਡਾ. ਰਮਨਦੀਪ ਸਿੰਗਲਾ ਅਤੇ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਰਵੀ ਕਾਂਤ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀ ਮਲੇਰੀਆ ਟੀਮ ਐਸ.ਆਈ ਕੁਲਦੀਪ ਸਿੰਘ, ਸਿਹਤ ਕਰਮੀ ਗੁਰਸੇਵਕ ਸਿੰਘ, ਹਰਪਾਲ ਸਿੰਘ ਗਿਆਨਾ, ਅਮਨਦੀਪ ਸਿੰਘ, ਰਵਨੀਤ ਕੌਰ, ਭਾਵਨਾ, ਆਸ਼ਾ ਵਰਕਰ ਨੇ ਇਨ੍ਹਾਂ ਥਾਵਾਂ 'ਤੇ ਜਾ ਕੇ ਲਾਰਵੇ ਦੀ ਜਾਂਚ ਕੀਤੀ ਅਤੇ ਲੋਕਾਂ ਨੂੰ ਡੇਂਗੂ ਮਲੇਰੀਆ ਤੋਂ ਬਚਾਅ ਲਈ ਨੁਕਤੇ ਸਾਂਝੇ ਕੀਤੇ। ਇਸ ਮੌਕੇ ਜਿਹਨਾਂ ਥਾਵਾਂ ਲਾਰਵਾ ਮਿਲਿਆ ਉਥੇ ਛਿੜਕਾਅ ਕੀਤਾ ਗਿਆ। ਇਸ ਮੌਕੇ ਡਾ. ਰਵੀ ਕਾਂਤ ਨੇ ਕਿਹਾ ਕਿ ਡੇਂਗੂ ਦੀਆਂ ਜ਼ਿਆਦਾਤਰ ਬਿਮਾਰੀਆਂ ਬਾਰਿਸ਼ ਦੇ ਸ਼ੁਰੂਆਤੀ ਪੜਾਅ 'ਤੇ ਦਿਖਾਈ ਦਿੰਦੀਆਂ ਹਨ ਅਤੇ ਇਸ ਦੌਰਾਨ ਸਭ ਤੋਂ ਵੱਧ ਸਾਵਧਾਨੀਆਂ ਦੀ ਲੋੜ ਹੁੰਦੀ ਹੈ। ਇਸ ਬਿਮਾਰੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਵਿਭਾਗ ਵੱਲੋਂ ਡੇਂਗੂ ਪ੍ਰਤੀ ਲੋਕਾਂ ਨੂੰ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ। ਡੇਂਗੂ ਦਾ ਲਾਰਵਾ ਮੁੱਖ ਤੌਰ 'ਤੇ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ ਅਤੇ ਜੁਲਾਈ ਤੋਂ ਅਕਤੂਬਰ ਇਸ ਦੇ ਵਾਧੇ ਲਈ ਸਭ ਤੋਂ ਅਨੁਕੂਲ ਸਮਾਂ ਹੁੰਦਾ ਹੈ। ਡੇਂਗੂ ਬੁਖਾਰ ਮਾਦਾ ਐਡੀਜ ਅਜੈਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਸ ਲਈ ਇਸ ਨੂੰ ਟਾਇਗਰ ਮੱਛਰ ਵੀ ਕਹਿੰਦੇ ਹਨ। ਇੱਕ ਹਫਤੇ ਦੇ ਅੰਦਰ-ਅੰਦਰ ਅੰਡੇ ਤੋਂ ਪੂਰਾ ਅਡੱਲਟ ਮੱਛਰ ਬਣ ਕੇ ਤਿਆਰ ਹੋ ਜਾਂਦਾ ਹੈ। ਇਹ ਮੱਛਰ ਇਕ ਚੱਮਚ ਪਾਣੀ ਵਿਚ ਵੀ ਪੈਦਾ ਹੋ ਜਾਂਦਾ ਹੈ। ਬਲਾਕ ਐਕਸਟੈਨਸ਼ਨ ਐਜੂਕੇਟਰ ਗੁਰਸਿਮਰਤ ਕੌਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਦਾ ਮੱਛਰ ਕੂਲਰਾਂ, ਕੰਨਟੇਨਰਾਂ, ਫਰਿਜ਼ ਦੇ ਪਿਛੇ ਲੱਗੀਆਂ ਟ੍ਰੇਆਂ, ਗਮਲਿਆਂ, ਘਰਾਂ ਦੀਆਂ ਛੱਤਾਂ ਉਪਰ ਪਏ ਕਬਾੜ, ਟਾਇਰ ਆਦਿ ਵਿਚ ਖੜ੍ਹੇ ਸਾਫ ਪਾਣੀ ਵਿਚ ਪੈਦਾ ਹੁੰਦਾ ਹੈ। ਇਹ ਮੱਛਰ ਜਿਆਦਾਤਰ ਸਵੇਰ ਵੇਲੇ ਸੂਰਜ ਚੜਣ ਤੋਂ ਬਾਅਦ ਅਤੇ ਸ਼ਾਮ ਨੂੰ ਸੂਰਜ ਡੁਬਣ ਵੇਲੇ ਅਤੇ ਸਰੀਰ ਦੇ ਹੇਠਲੇ ਹਿੱਸਿਆਂ ਉਤੇ ਕੱਟਦਾ ਹੈ। ਜੇ ਕਿਸੇ ਨੂੰ ਤੇਜ਼. ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਚਮੜੀ ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਸੂੜਿਆਂ ਤੇ ਨੱਕ ਵਿਚ ਖੂਨ ਵਗਣਾ ਜਿਹੇ ਲਛਣ ਦਿਖਾਈ ਦੇਣ ਤਾਂ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਹਰਪਾਲ ਸਿੰਘ ਗਿਆਨਾ ਨੇ ਦੱਸਿਆ ਕਿ ਬੁਖਾਰ ਹੋਣ 'ਤੇ ਐਸਪ੍ਰੀਨ ਅਤੇ ਬਰੂਫਨ ਨਹੀਂ ਲੈਣੀ ਚਾਹੀਦੀ ਸਿਰਫ ਪੈਰਾਸੀਟਾਮੋਲ ਡਾਕਟਰ ਦੀ ਸਲਾਹ ਨਾਲ ਹੀ ਲਵੋ। ਡੇਂਗੂ ਵਿੱਚ ਪਲੇਟਲੈਟਸ ਲਗਾਤਾਰ ਘਟਦੇ ਹਨ ਅਤੇ ਇਹ ਬਿਮਾਰੀ ਖਤਰਨਾਕ ਹੋ ਜਾਂਦੀ ਹੈ। ਡੇਂਗੂ ਦੇ ਲੱਛਣ 2 ਤੋਂ 7 ਦਿਨਾਂ ਤੱਕ ਰਹਿੰਦੇ ਹਨ। ਇਸ ਦੌਰਾਨ ਪਾਣੀ ਜਾਂ ਤਰਲ ਪਦਾਰਥ ਜਿਆਦਾ ਪੀਣੇ ਚਾਹੀਦੇ ਹਨ ਅਤੇ ਆਰਾਮ ਕਰਨਾ ਚਾਹੀਦਾ ਹੈ। ਇਸ ਮੌਕੇ ਲੋਕਾਂ ਨੂੰ ਇਸ ਮੁਹਿੰਮ ਨਾਲ ਵਿਚ ਵੱਧ ਤੋਂ ਵੱਧ ਸਾਥ ਦੇਣ ਦਾ ਸੱਦਾ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਯੁੱਧ ਨੱਸਿਆ ਵਿਰੁੱਧ ਯੁੱਧ ਨੱਸਿਆ ਵਿਰੁੱਧ ਮੁਹਿਮ ਤਹਿਤ

# ਪੇਧਨੀ, ਪੁੰਨਵਾਲ, ਕਾਂਝਲੀ ਪ੍ਰੋਗਰਾਮ ਕਰਵਾਏ ਗਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਗਈ ਮਹਿਮ ਯੁੱਧ ਨਸਿਆਂ ਵਿਰੁੱਧ ਦੇ ਤਹਿਤ ਪਿੰਡ ਪੇਧਨੀ ਕਲਾਂ ਤੋਂ ਸਰਪੰਚ ਮੱਖਣ ਸਿੰਘ, ਪੁੰਨਵਾਲ ਗੋਬਿੰਦਰ ਖੰਗੂੜਾ, ਕਾਂਝਲੀ ਤੋਂ ਸਰਪੰਚ ਸਿਮਰਨਜੀਤ ਸਿੰਘ ਅਤੇ ਯੁੱਧ ਨਸਿਆ ਵਿਰੁੱਧ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਰਛਪਾਲ ਸਿੰਘ ਭੁੱਲਰ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਵੱਖ ਵੱਖ ਪਿੰਡਾਂ ਵਿੱਚ ਇਕੱਠਾ ਨੂੰ ਸੰਬੋਧਨ ਕਰਦਿਆਂ ਐਸ,ਐਚ,ਓ ਕਰਨਵੀਰ ਸਿੰਘ ਸੰਧੂ ਨੇ ਕਿਹਾ ਹੈ ਕਿ ਜੇਕਰ ਤੁਹਾਡੇ ਪਿੰਡ ਦੇ ਵਿੱਚ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਸਾਡੇ ਨਾਲ ਸਾਂਝੀ ਕੀਤੀ ਜਾਵੇ। ਜੇਕਰ ਕੋਈ ਵਿਅਕਤੀ ਨਸ਼ਾ ਕਰਦਾ ਹੈ ਤਾਂ ਉਸ ਨੂੰ ਅਸੀਂ ਆਪਣੇ ਖਰਚੇ ਤੇ ਨਸਾ ਕੇਂਦਰ ਵਿੱਚ ਭੇਜ ਕੇ ਨਸ਼ਾ ਛੁਡਾਉਣ ਵਿਚ ਵਿੱਚ ਜਰੁਰ ਮੱਦਦ ਕੀਤੀ ਜਾਵੇਗੀ। ਇਸ ਮੌਕੇ ਪੰਚ ਕੁਲਦੀਪ ਸਿੰਘ, ਪੰਚ ਸੁਰਜੀਤ ਸਿੰਘ, ਪੰਚ ਮੱਖਣ ਸਿੰਘ ਸਿੱਧੂ, ਪੰਚ ਕੁਲਵਿੰਦਰ ਸਿੰਘ, ਪੰਚ ਰਾਜਵਿੰਦਰ ਸਿੰਘ, ਪੰਚ ਗਗਨਦੀਪ ਸਿੰਘ, ਪੰਚ ਡਿੰਪੀ, ਜਸਵਿੰਦਰ ਧੂਰੀ, ਹਰਪ੍ਰੀਤ ਸਿੰਘ ਧੂਰੀ ,ਬਾਬਾ ਪਰਮਜੀਤ ਸਿੰਘ, ਸਾਧੂ ਸਿੰਘ ਪੇਧਨੀ, ਬਲਜੀਤ ਕੌਰ, ਕਰਮਜੀਤ ਸਿੰਘ, ਜਗਸੀਰ ਸਿੰਘ ਲੱਡਾ, ਅਸ਼ੋਕ ਕੁਮਾਰ ,ਗੁਰਜੰਟ ਸਿੰਘ, ਜਸਵਿੰਦਰ ਸਿੰਘ ,ਹਰਵਿੰਦਰ ਸਿੰਘ ਪੰਚ ਰਜਿੰਦਰ ਸਿੰਘ, ਪੰਚ ਲਵਪ੍ਰੀਤ ਸਿੰਘ ,ਪੰਚ ਹਰਮਨ ਹੈਪੀ, ਗੁਰਦੀਪ ਸਿੰਘ , ਨੰਬਰਦਾਰ ਬਲਵੀਰ ਸਿੰਘ, ਸਿੰਗਾਰਾ ਸਿੰਘ ਸੋਸਾਇਟੀ ਪ੍ਰਧਾਨ , ਅਕਾਲੀ ਭੋਲਾ ਸਿੰਘ, ਬਿੰਦਰ ਸਿੰਘ, ਗੁਰਮੇਲ ਸਿੰਘ,ਮਨਿੰਦਰ ਸਿੰਘ, ਜਗਜੀਤ ਸਿੰਘ, ਅੰਜੂ ਬਾਲਾ, ਮੀਨੂ ਰਾਣੀ, ਕੁਲਦੀਪ ਸਿੰਘ , ਕਾਕਾ ਸਿੱਧੂ, ਜੱਸੀ ਪੁੰਨਾ ਵਾਲਾ ਨੰਬਰਦਾਰ ਰਜਿੰਦਰ ਸਿੰਘ ਪੇਧਨੀ, ਪੋਪੀ ਸੰਧੂ ਹਾਜਰ ਸਨ।

**ਨਸ਼ਿਆਂ ਦੀ ਮੁਹਿੰਮ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ-ਭੁੱਲਰ, ਸੰਧੂ**

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ

# ਤਲਬੀਰ ਗਿੱਲ ਨੇ ਪਿੰਡ ਚੰਨਣਕੇ ਨੂੰ ਨਸ਼ਿਆਂ ਵਿਰੁੱਧ ਕੀਤਾ ਲਾਮਬੰਦ



**ਚੌਕ ਮਹਿਤਾ 18 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਪਿੰਡ ਚੰਨਣਕੇ ਵਿੱਖੇ , ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨਸ਼ਿਆਂ ਦੇ ਕਾਰੋਬਾਰੀਆਂ ਜੇਲਾਂ ਅੰਦਰ ਡੱਕਣ ਤੇ ਸੂਬੇ ਦੀ ਜਵਾਨੀ ਨਸ਼ਿਆਂ ਦੀ ਗ੍ਰਿਫਤ ਵਿੱਚੋਂ ਬਾਹਰ ਕੱਢਣ ਵਿੱਚ ਫੈਸਲਾਕੁੰਨ ਸਾਬਤ ਹੋਵੇਗੀ। ਉਕਤ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਅੱਜ ਹਲਕਾ ਮਜੀਠਾ ਦੇ ਪਿੰਡ ਚੰਨਣਕੇ, ਨਾਥ ਦੀ ਖੂਹੀ ਆਦਿ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਵਾਏ ਗਏ ਪ੍ਰੋਗਰਾਮਾ ਵਿਚ ਸੰਬੋਧਨ ਕਰਦਿਆਂ ਕੀਤਾ। ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਸਮੱਲਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜਿਹੜੇ ਨੌਜਵਾਨ ਨਸ਼ਾ ਛੱਡ ਕੇ ਚੰਗੀ ਜ਼ਿੰਦਗੀ ਜਿਉਣਾ ਚਾਹੁੰਦੇ ਹਨ, ਪੰਜਾਬ ਸਰਕਾਰ ਉਹਨਾਂ ਦੀ ਮਦਦ ਕਰ ਰਹੀ ਹੈ, ਜਿਸ ਵਾਸਤੇ ਜ਼ਿਲ੍ਹੇ ਦੇ ਵਿੱਚ ਸਰਕਾਰੀ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਕਾਰਜਸ਼ੀਲ ਹਨ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੇ ਸੂਬੇ ਦੀ ਜਵਾਨੀ ਨੂੰ ਕੁਰਾਹੇ ਪਾਇਆ ਹੈ ਅਤੇ ਪੰਜਾਬ ਸਰਕਾਰ ਜਵਾਨੀ ਨੂੰ ਬਚਾਉਣ ਲਈ ਪੂਰੀ ਤਰ੍ਹਾਂ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ, ਜਿਸ ਤੋਂ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਨਾਲ ਸੰਤੁਸ਼ਟ ਨਜ਼ਰ ਵੀ ਆ ਰਹੇ ਹਨ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਖਿਲਾਫ ਜੋ ਜੰਗ ਛੇੜੀ ਹੈ ਉਸ ਵਿਚ ਹਰ ਆਮ ਤੇ ਖਾਸ ਵਿਅਕਤੀ ਨੂੰ ਆਪਣੀ ਮੁੱਢਲੀ ਜ਼ਿੰਮੇਵਾਰੀ ਸਮਝਦਿਆਂ ਹੋਇਆਂ ਇਸ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਸਰਪੰਚ ਕੁਲਵਿੰਦਰ ਸਿੰਘ ਮਿਠਾ, ਤੋਂ ਇਲਾਵਾ ਸਰਪੰਚ ਬਲਬੀਰ ਸਿੰਘ ਬੋਪਾਰਾਏ, ਐਸ ਐਚ ਉ ਹਰਪਾਲ ਸਿੰਘ,ਸਰਪੰਚ ਮਨਦੀਪ ਸਿੰਘ ਤਨੇਲ, ਸ਼ਿਵਰਾਜ ਸਿੰਘ ਭੀਲੋਵਾਲ, ਤਰਸੇਮ ਚਾਚੋਵਾਲੀ, ਪ੍ਰਿੰਸੀਪਲ ਗੁਰਮੁਖ ਸਿੰਘ ਮਾਂਗਾ,ਸਰਪੰਚ ਸੁਰਜੀਤ ਸਿੰਘ ਭੋਏਵਾਲ, ਡਾ, ਨਿਸ਼ਾਨ ਸਿੰਘ ਮਾਂਗਾ, ਰਵੀ ਕਲੇਰ, ਬਾਲਾਂ ਪਾਈ, ਸੁਖਦੇਵ ਸਿੰਘ ਤਲਵੰਡੀ ਖੁੰਮਣ, ਕੁਲਵੰਤ ਸਿੰਘ ਚੰਨਣਕੇ, ਸਰਪੰਚ ਲਖਵਿੰਦਰ ਸਿੰਘ, ਨਾਥ ਦੀ ਖੂਹੀ , ਜਸਵੰਤ ਸਿੰਘ, ਰਵੀਪਾਲ ਸਿੰਘ, ਰਵਿੰਦਰ ਸਿੰਘ ,ਤਜਿੰਦਰ ਸਿੰਘ ਮੈਂਬਰ, ਬੇਦ ਪਰਕਾਸ ਸਿੰਘ ,ਜਸਵਿੰਦਰ ਸਿੰਘ ਰਵੀ ਪੀ ਏ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਦਾ,ਲਖਵਿੰਦਰ ਸਿੰਘ ਪ੍ਰਧਾਨ ,ਸਰਬਜੀਤ ਸਿੰਘ ਮੈਂਬਰ, ਕੁਲਵੰਤ ਸਿੰਘ, ਰਵਿੰਦਰ ਬਾਵਾ ਪ੍ਰਧਾਨ, ਮੇਜਰ ਸਿੰਘ ਚੰਨਣਕੇ, ਸਰਪੰਚ ਸੰਨੀ ਬਿੱਲਾ, ਖੁਸ਼ਪਾਲ ਸਿੰਘ, ਬਾਬਾ ਬਲਵਿੰਦਰ ਸਿੰਘ, ਹਨੀ ਅਜਾਇਬਵਾਲੀ, ਸਰਪੰਚ ਰਾਜ ਕੁਮਾਰ ਲੁੱਧੜ, ਸਰਪੰਚ ਚੰਨਪ੍ਰੀਤ ਸਿੰਘ, ਡਾ ਪਾਲ ਕੱਥੂਨੰਗਲ, ਰਿੰਕੂ ਕੋਟਲਾ ਤਰਖਾਣਾਂ, ਸਰਪੰਚ ਜੁਗਰਾਜ ਸਿੰਘ ਸਾਧਪੁਰ, ਮੈਡਮ ਰਾਜਦੀਪ ਕੌਰ, ਆਦਿ ਤੋਂ ਇਲਾਵਾ ਬਹੁਤ ਸਾਰੇ ਪਾਰਟੀ ਵਰਕਰ ਤੇ ਪਿੰਡ ਵਾਸੀ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

# ਮੈਰਾਥਨ ਦੌੜਾਕ ਬਾਬਾ ਫੌਜਾ ਸਿੰਘ ਦੀ ਮੌਤ ਤੇ ਵੱਖ-ਵੱਖ ਸ਼ਖ਼ਸ਼ੀਅਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ

## ਦੋਸ਼ੀਆਂ ਵਿਰੁੱਧ ਸਖਤ ਕਾਰਵਾਈ ਦੀ ਕੀਤੀ ਮੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਵਿਸਵ ਪ੍ਰਸਿੱਧ ਮੈਰਾਥਨ ਦੌੜਾਕ ਬਾਬਾ ਫੌਜਾ ਸਿੰਘ ਦੀ ਇੱਕ ਹਾਦਸੇ ਵਿੱਚ ਮੌਤ ਹੋ ਜਾਣ ਤੇ ਵੱਖ ਵੱਖ ਸ਼ਖਸ਼ੀਅਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਹੈ, ਪ੍ਰੈਸ ਨੂੰ ਸਾਂਝਾ ਬਿਆਨ ਜਾਰੀ ਕਰਦਿਆਂ ਗੁਰੂ ਨਾਨਕ ਸਲੰਮ ਸੇਵਾ ਮਿਸ਼ਨ ਪੰਜਾਬ ਦੇ ਪ੍ਰਧਾਨ ਸਮਾਜ ਸੇਵੀ , ਭਾਨ ਸਿੰਘ ਜੱਸੀ , ਮੀਰੀ ਪੀਰੀ ਸਪੋਰਟਸ ਐਂਡ ਵੈਲਫੇਅਰ ਕਲੱਬ ਰਜਿ: ਧੂਰੀ ਦੇ ਚੇਅਰਮੈਨ ਸ: ਹਰਦੀਪ ਸਿੰਘ ਬਬਲੂ ਜੱਖਲਾਂ ( ਯੂ.ਐਸ.ਏ) ਪ੍ਰਧਾਨ ਗੁਰਸੇਵ ਸਿੰਘ ਸੇਬੀ ਕਾਂਝਲਾ, ਸਰਪੰਚ ਯੂਨੀਅਨ ਜ਼ਿਲਾ ਸੰਗਰੂਰ ਦੇ ਸਾਬਕਾ ਪ੍ਰਧਾਨ ਜਸਵੀਰ ਸਿੰਘ ਛੰਨਾ ਨੇ ਬਾਬਾ ਫੌਜਾ ਸਿੰਘ ਦੀ ਮੌਤ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਹਨਾਂ ਦੀ ਸ਼ਾਂਤੀ ਲਈ ਗੁਰੂ ਸਾਹਿਬ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ, ਉਪਰੋਕਤ ਬੁਲਾਰਿਆਂ ਨੇ ਕਿਹਾ ਕਿ ਬਾਬਾ ਫੌਜਾ ਸਿੰਘ ਜੀ ਨੇ 100 ਸਾਲ ਦੀ ਉਮਰ ਤੱਕ ਮੈਰਾਥਨ ਦੌੜਾ ਵਿੱਚ ਜਿੱਤਾਂ ਪ੍ਰਾਪਤ ਕਰਕੇ ਵਿਸ਼ਵ ਭਰ ਵਿੱਚ ਵਸਦੇ ਪੰਜਾਬੀਆਂ ਦਾ ਨਾ ਰੋਸ਼ਨ ਕੀਤਾ ਹੈ। ਸੰਸਥਾਵਾਂ ਦੇ ਆਗੂਆਂ ਨੇ ਨੌਜਵਾਨ ਵਰਗ ਨੂੰ ਅਪੀਲ ਕੀਤੀ ਕਿ ਉਹ ਦੌੜਾਕ ਬਾਬਾ ਫੌਜਾ ਸਿੰਘ ਦੇ ਜੀਵਨ ਤੋਂ ਸਿੱਖਦੇ ਹੋਏ ਨਸ਼ਿਆਂ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰਹਿੰਦਿਆਂ , ਆਪਣੀ ਜ਼ਿੰਦਗੀ ਵਿੱਚ ਇਨਕਲਾਬੀ ਤਬਦੀਲੀਆਂ ਲਿਆਉਣ ਦੇ ਯਤਨ ਕਰਨ, ਅੰਤ ਵਿੱਚ ਉਪਰੋਕਤ ਸ਼ਖਸੀਅਤਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮੈਰਾਥਨ ਖੇਡਾਂ ਵਿੱਚ ਦੁਨੀਆਂ ਪੱਧਰ ਤੇ ਪ੍ਰਸਿੱਧੀ ਹਾਸਿਲ ਕਰ ਚੁੱਕੇ ਦੌੜਾਕ ਬਾਬਾ ਫੌਜਾ ਸਿੰਘ ਦੀ ਮੌਤ ਲਈ ਜਿੰਮੇਵਾਰ ਲੋਕਾਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ,

# ਅੱਜ ਅੱਡਾ ਕੱਥੂ ਨੰਗਲ ਵਿਖੇ ਸਥਿਤ ਹੈਰੀ ਮੈਡੀਕਲ ਸਟੋਰ ਦੀ ਸਿਹਤ ਵਿਭਾਗ ਵੱਲੋਂ ਅਚਨਚੇਤ ਕੀਤੀ ਗਈ ਚੈਕਿੰਗ, 1890 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ



**ਚੌਕ ਮਹਿਤਾ, 18 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਥਾਨਕ ਕਸਬਾ ਵਿਖੇ ਸਥਿਤ ਹੈਰੀ ਮੈਡੀਕਲ ਸਟੋਰ ਕੱਥੂ ਨੰਗਲ ਵਿਖੇ ਸਿਹਤ ਵਿਭਾਗ ਵੱਲੋਂ ਪੁਲਿਸ ਪਾਰਟੀ ਦੀ ਟੀਮ ਨਾਲ ਨਾਲ ਹੈਰੀ ਮੈਡੀਕਲ ਸਟੋਰ ਤੇ ਅੱਜ ਸਾਮੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਚੈਕਿੰਗ ਦੌਰਾਨ ਵਿਭਾਗ ਨੂ 1890 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ ਪ੍ਰਾਪਤ ਜਾਣਕਾਰੀ ਡਰੱਗ ਇੰਸਪੈਕਟਰ ਸੁਖਦੀਪ ਸਿੰਘ ਤੇ ਐਸਐਚਓ ਅਮਨਦੀਪ ਕੌਰ ਥਾਣਾ ਰਾਮ ਬਾਗ ਦੀ ਅਗਵਾਈ ਵਿੱਚ ਸਥਾਨਕ ਅੱਡੇ ਕੱਥੂਨੰਗਲ ਤੇ ਸਥਿਤ ਹੈਰੀ ਮੈਡੀਕਲ ਸਟੋਰ ਵਿਖੇ ਆਪਣੀ ਪੁਲਿਸ ਟੀਮ ਨਾਲ ਪੁੱਜੇ ਜਿਨਾਂ ਵੱਲੋਂ ਮੈਡੀਕਲ ਸਟੋਰ ਨੂੰ ਬੰਦ ਕਰਕੇ ਅੰਦਰੋਂ ਪੂਰੀ ਤਰਹਾਂ ਦਵਾਈਆਂ ਦੀ ਜਾਂਚ ਪੜਤਾਲ ਕੀਤੀ ਗਈ ਅਤੇ ਅਤੇ ਜਾਂਚ ਦੌਰਾਨ ਟਰਾਮਾਡੋਲ 650 ਗੋਲੀਆਂ ਪ੍ਰੀ ਗੈਬਾਬਲੇਨ 1230 ਗੋਲੀਆਂ ਬਰਾਮਦ ਕੀਤੀਆਂ ਗਈਆਂ ਜਿਨਾਂ ਨੂੰ ਸਿਹਤ ਵਿਭਾਗ ਵੱਲੋਂ ਆਪਣੇ ਕਬਜ਼ੇ ਵਿੱਚ ਲੈ ਲਿਆ ਗਿਆ ਅਤੇ ਮੈਡੀਕਲ ਸਟੋਰ ਨੂੰ ਸੀਲ ਕਰ ਦਿੱਤਾ ਗਿਆ ਮੈਡੀਕਲ ਸਟੋਰ ਦੇ ਮਾਲਕ ਨੂੰ ਕਾਬੂ ਕਰਕੇ ਹਿਰਾਸਤ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਇਥੇ ਇਹ ਵੀ ਜਿਗਰ ਯੋਗ ਹੈ ਜਿੰਨਾ ਚਿਰ ਮੈਡੀਕਲ ਸਟੋਰ ਦੀ ਚੈਕਿੰਗ ਹੁੰਦੀ ਰਹੀ ਪੁਲਿਸ ਟੀਮ ਵੱਲੋਂ ਕਿਸੇ ਵੀ ਮਰੀਜ਼ ਨੂੰ ਮੈਡੀਕਲ ਸਟੋਰ ਦੇ ਨੇੜੇ ਨਹੀਂ ਆਉਣ ਦਿੱਤਾ ।

## ਕਵਿਤਾ (ਰੁੱਖ)



ਜਿਹੜਾ ਖੜ੍ਹਾ ਕਿਨਾਰੇ ਛੱਪੜ ਦੇ,
ਉਸ ਪਿੱਪਲ਼ ਨੇ ਲਹਿਰਾਉਣਾ ਨਹੀ।
ਉੱਥੇ ਪੀਂਘਾਂ ਦੀ ਨਹੀਂ ਆਸ ਰਹੀ,
ਜਿੱਥੇ ਧੀ ਨੇ ਪੇਕੇ ਆਉਣਾ ਨਹੀਂ।

ਜਿੱਥੇ ਕੜ-ਕੜ ਹੈ ਨਹੀਂ ਪੱਤਿਆਂ ਦੀ,
ਪੰਛੀ ਦਾ ਮਨ ਬਹਿਲਾਉਣਾ ਨਹੀਂ।
ਜਿੱਥੇ ਭਾਦੋਂ ਤਿੱਖੜ ਦੁਪਹਿਰੇ ਨੂੰ,
ਕਿਸੇ ਪਾਂਧੀ ਬਹਿਣ ਖਲੋਣਾ ਨਹੀਂ।

ਉਸ ਪਿੱਪਲ਼ ਦਾ ਵੀ ਕੀ ਜੀਣਾ,
ਜਿੱਥੇ ਬਾਬਿਆਂ ਮੰਜਾ ਡਾਹੁਣਾ ਨਹੀਂ।
ਜਿੱਥੇ ਤੀਆਂ ਨਹੀ ਤਿਉਹਾਰ ਰਹੇ,
ਉੱਥੇ ਕੁੜੀਆਂ ਗਿੱਧਾ ਪਾਉਣਾ ਨਹੀਂ।

ਜਿਵੇਂ ਬਾਬੇ-ਦਾਦੇ ਮੁੱਕ ਗਏ ਨੇ,
ਕਿਸੇ ਗੀਤਾਂ ਵਿੱਚ ਵੀ ਗਾਉਣਾ ਨਹੀਂ।
ਸੱਭਿਆਚਾਰ ਉਦਾਸ ਰਹੂ,
ਕਿਸੇ ਬੋਹੜ-ਪਿੱਪਲ ਜਦ ਲਾਉਣਾ ਨਹੀ।

**-ਬੂਟਾ ਸੁਨਾਮੀ, ਕੋਟ ਬਖਤੂ (ਬਠਿੰਡਾ)**

ਹਰ ਸ਼ੁਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ

# ਡੇਂਗੂ ਸੰਭਾਵਿਤ ਖੇਤਰਾਂ ਵਿੱਚ ਜਾ ਕੇ ਲੋਕਾਂ ਨੂੰ ਕੀਤਾ ਜਾਗਰੂਕ




**ਚੌਕ ਮਹਿਤਾ,18 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਮਾਨਯੋਗ ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਵੱਲੋਂ ਡੇਂਗੂ ਅਤੇ ਚਿਕਨ ਗੁਣੀਆ ਦੇ ਸੰਭਾਵਿਤ ਖੇਤਰਾਂ ਵਿੱਚ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਐਂਟੀ ਲਾਰਵਾ ਸਪਰੇ ਕਰਵਾਏ ਗਏ। ਇਸ ਦੌਰਾਨ ਛੇਹਰਟਾ ਦੇ ਇਲਾਕਿਆਂ ਵਿੱਚ ਡੇਂਗੂ ਤੇ ਚਿਕਨਗੁਨੀਆ ਪ੍ਰਤੀ ਆਮ ਜਨਤਾ ਨੂੰ ਜਾਗਰੂਕਤਾ ਦਾ ਸੰਦੇਸ਼ ਦਿੱਤਾ ਗਿਆ। ਇਸ ਉਪਰੰਤ ਉਹਨਾਂ ਵੱਲੋਂ ਵੱਖ ਵੱਖ ਥਾਵਾਂ ਦੀ ਜਾਂਚ ਕੀਤੀ ਗਈ ਅਤੇ ਖੜੇ ਪਾਣੀ ਵਿੱਚ ਸਪਰੇ ਕਰਵਾਏ ਗਏ। ਇਸ ਉਪਰੰਤ ਉਹਨਾਂ ਵੱਲੋਂ ਛੇਹਾਟਾ ਪੁਲਿਸ ਸਟੇਸ਼ਨ ਵਿਖੇ ਡੇਂਗੂ ਤੇ ਚਿਕਨ ਗੁਣੀਆਂ ਦੇ ਲਾਰਵੇ ਦੀ ਭਾਲ ਕੀਤੀ ਗਈ, ਉਹਨਾ ਵੱਲੋਂ ਪੁਲਿਸ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਡੇਂਗੂ ਤੇ ਚਿਕਨ ਗੁਣੀਆਂ ਪ੍ਰਤੀ ਜਾਗਰੂਕ ਕੀਤਾ ਗਿਆ ਅਤੇ ਮੌਕੇ ਤੇ ਮਿਲਿਆ ਲਾਰਵਾ ਨਸ਼ਟ ਕੀਤਾ ਗਿਆ।

ਇਸ ਅਵਸਰ ਤੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਕਿਹਾ ਕਿ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਹੀ ਹੈ, ਪਰ ਇਸਦੇ ਨਾਲ ਹੀ ਜਿਥੇ ਪਾਣੀ ਇੱਕਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸਾਡੀ ਸਾਰਿਆਂ ਦੀ ਇਹ ਜਿੰਮੇਵਾਰੀ ਬਣਦੀ ਹੈ ਕਿ ਮੱਛਰ ਦੀ ਪੈਦਾਵਰ ਨੂੰ ਰੋਕਣ ਲਈ ਸਿਹਤ ਵਿਭਾਗ ਦਾ ਸਹਿਯੋਗ ਕਰੀਏ ਅਤੇ ਕਿਤੇ ਵੀ ਪਾਣੀ ਇੱਕਠਾ ਨਾਂ ਹੋਣ ਦਈਏ, ਕਿਓਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ। ਇਸ ਦੇ ਨਾਲ ਹੀ ਪੂਰੀ ਬਾਹਵਾਂ ਤੇ ਕੱਪੜੇ ਪਹਿਨੇ ਜਾਣ ਅਤੇ ਮੱਛਰ ਭਜਾਉਣ ਵਾਲੀਆ ਕਰੀਮਾਂ ਆਦੀ ਦਾ ਇਸਤੇਮਾਲ ਵੀ ਸਾਨੂੰ ਡੇਂਗੂ ਤੋ ਬਚਾ ਸਕਦਾ ਹੈ। ਉਹਨਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਸ਼ਹਿਰ ਦੇ ਸਾਰੇ ਹੋਟ ਸਪੋਟ ਖੇਤਰਾਂ ਵਿੱਚ ਜਾ ਕੇ ਲੋਕਾਂ ਨੂੰ ਜਾਗਰੂਕ ਕਰਨ ਦੇ ਨਾਲ ਨਾਲ ਐਂਟੀ ਲਾਰਵਾ ਗਤੀਵਿਧੀਆਂ ਰਹੀਆਂ ਹਨ।

**ਆਪਣੇ ਘਰਾਂ ਦੇ ਆਲੇ ਦੁਆਲੇ ਕਿਤੇ ਵੀ ਪਾਣੀ ਇਕੱਠਾ ਨਾ ਹੋਣ ਦਿੱਤਾ ਜਾਵੇ-ਸਿਵਿਲ ਸਰਜਨ ਡਾਕਟਰ ਕਿਰਨਦੀਪ ਕੌਰ**

ਇਸ ਸੰਬਧੀ ਹੋਰ ਜਾਣਕਾਰੀ ਦਿੰਦਿਆ ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਇਹ ਮੱਛਰ ਸਾਫ ਪਾਣੀ ਵਿੱਚ ਅੰਡੇ ਦਿੰਦਾ ਹੈ ਜੋ ਕਿ ਇੱਕ ਹਫਤੇ ਦੇ ਦੌਰਾਨ ਅੰਡੇ ਤੋਂ ਲਾਰਵਾ ਅਤੇ ਲਾਰਵੇ ਤੋਂ ਅਡਲਟ ਮੱਛਰ ਬਣ ਜਾਂਦਾ ਹੈ। ਇਸ ਲਈ ਹਫਤੇ ਦੇ ਹਰੇਕ ਸ਼ੁਕਰਵਾਰ ਡੇਂਗੂ ਦੇ ਵਾਰ ਮੁਹਿੰਮ ਚਲਾਈ ਜਾ ਰਹੀ ਹੈ ਤਾਂ ਜੋ ਮੱਛਰ ਦਾ ਲਾਈਵ ਸਾਈਕਲ ਤੋੜਿਆ ਜਾ ਸਕੇ ਅਤੇ ਲਾਰਵਾ ਸਟੇਜ ਤੇ ਹੀ ਉਸਨੂੰ ਖਤਮ ਕੀਤਾ ਜਾ ਸਕੇ।

ਇਸ ਮੌਕੇ ਤੇ ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ ਨੇ ਆਮ ਲੋਕਾਂ ਨੂੰ ਜਾਗਰੂਕ ਕਰਦਿਆਂ ਹੋਇਆਂ ਦੱਸਿਆ ਕਿ ਡੇਂਗੂ ਦੇ ਆਮ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾਂ ਦਾ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜਿਆਂ ਵਿੱਚੋ ਖੂਨ ਵਗਣਾ ਆਦੀ ਹੈ। ਇਸ ਲਈ ਡੇਂਗੂ ਬੁਖਾਰ ਦੇ ਸ਼ੱਕ ਹੋਣ ਦੀ ਸੂਰਤ ਵਿੱਚ ਤੁਰੰਤ ਸਰਕਾਰੀ ਹਸਪਤਾਲ ਤੋ ਫਰੀ ਚੈਕਅੱਪ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ ਇਸ ਮੌਕੇ ਤੇ ਐਸ ਆਈ ਸੁਖਦੇਵ ਸਿੰਘ, ਬਲਵਿੰਦਰ ਸਿੰਘ, ਹਰਵਿੰਦਰ ਸਿੰਘ, ਹਰਮੀਤ ਸਿੰਘ, ਕੁਲਦੀਪ ਸਿੰਘ, ਗੁਰਪਾਲ ਸਿੰਘ, ਰਸਪਾਲ ਸਿੰਘ ਸਮੇਤ ਸਮੂਹ ਅਧਿਕਾਰੀ ਅਤੇ ਕਰਮਚਾਰੀ ਸ਼ਾਮਲ ਹੋਏ।

ਲੜਕੀਆਂ ਆਤਮ-ਨਿਰਭਰ ਬਣਨ ਲਈ ਕਿੱਤਾਮੁਖੀ ਕੋਰਸਾਂ ਨਾਲ ਜੁੜਨ - ਚੇਅਰਪਰਸਨ ਹਸਪਤਾਲ ਭਲਾਈ ਸ਼ਾਖਾ

# ਬੱਚਿਆਂ ਲਈ ਸਰਟੀਫਿਕੇਟ ਵੰਡ ਸੰਬੰਧੀ ਪ੍ਰੋਗਰਾਮ ਕਰਵਾਇਆ



**ਸੰਗਰੂਰ ( ਰਣਜੀਤ ਸਿੰਘ ਪੇਧਨੀ )** - ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਸੰਦੀਪ ਰਿਸ਼ੀ ਅਤੇ ਡਾ: ਕਮਲਦੀਪ ਸ਼ਰਮਾ ਚੇਅਰਪਰਸਨ ਹਸਪਤਾਲ ਭਲਾਈ ਸ਼ਾਖਾ,ਸੰਗਰੂਰ ਦੀ ਰਹਿਨੁਮਾਈ ਹੇਠ ਇੰਡੀਅਨ ਰੈਡ ਕਰਾਸ ਸੋਸਾਇਟੀ ਜ਼ਿਲਾ ਬਰਾਂਚ, ਸੰਗਰੂਰ ਵਿਖੇ ਚਲਾਏ ਜਾ ਰਹੇ ਟ੍ਰੈਨਿੰਗ ਸੈਂਟਰ ਦੇ ਵਿਦਿਆਰਥੀਆਂ ਨੂੰ ਆਡੀਟੋਰੀਅਮ ਮਿੰਨੀ ਸਕੱਤਰੇਤ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਬੱਚਿਆਂ ਦੇ ਸਰਟੀਫਿਕੇਟ ਦੇ ਵੰਡਣ ਸੰਬੰਧੀ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਿਲਾਈ ਸੈਂਟਰ ਦੀ ਹੋਣਹਾਰ ਵਿਦਿਆਰਥਣ ਨੂੰ ਸਿਲਾਈ ਮਸ਼ੀਨ ਅਤੇ ਲੋੜਵੰਦ ਪਰਿਵਾਰ ਨੂੰ ਸਾਈਕਲ ਦਿੱਤਾ ਗਿਆ। ਟ੍ਰੈਨਿੰਗ ਦੇ ਰਹੇ ਸੈਂਟਰਾਂ ਦੇ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਪੰਜਾਬੀ/ਅੰਗਰੇਜ਼ੀ ਸ਼ਾਰਟਹੈਂਡ ਵਿਦਿਆਰਥੀ (38), ਸਿਲਾਈ ਸੈਂਟਰ ਵਿਦਿਆਰਥੀ (07), ਬਿਊਟੀ ਪਾਰਲਰ ਸੈਂਟਰ ਵਿਦਿਆਰਥੀ (50), ਕੰਪਿਊਟਰ ਸੈਂਟਰ ਵਿਦਿਆਰਥੀ (34) ਸ਼ਾਮਿਲ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾ. ਕਮਲਦੀਪ ਸ਼ਰਮਾ ਨੇ ਵੱਧ ਤੋਂ ਵੱਧ ਲੜਕੀਆਂ ਨੂੰ ਆਤਮ-ਨਿਰਭਰ ਬਣਨ ਲਈ ਕਿੱਤਾਮੁਖੀ ਕੋਰਸਾਂ ਨਾਲ ਜੁੜਨ ਦਾ ਸੱਦਾ ਦਿੱਤਾ। ਦੱਸਣਯੋਗ ਹੈ ਕਿ ਰੈੱਡ ਕਰਾਸ ਵੱਲੋਂ ਮੌਜੂਦਾ ਸਮੇਂ 200 ਤੋਂ ਵਧੇਰੇ ਲੜਕੀਆਂ ਨੂੰ ਕਿੱਤਾਮੁਖੀ ਸਿੱਖਿਆ ਨਾਲ ਜੋੜਿਆ ਜਾ ਰਿਹਾ ਹੈ। ਉਹਨਾਂ ਨੇ ਸਿਖਲਾਈ ਸੈਂਟਰ, ਜਿਵੇਂ ਕਿ ਕੰਪਿਊਟਰ ਸੈਂਟਰ, ਬਿਊਟੀ ਪਾਰਲਰ, ਸ਼ੋਰਟ ਹੈਂਡ ਸੈਂਟਰ ਦੇ ਕੰਮਾਂ ਨੂੰ ਵਧੀਆ ਤਰੀਕੇ ਨਾਲ ਚਲਾਉਣ ਲਈ ਕਿਹਾ। ਸਿਲਾਈ ਦੇ ਲਈ ਵੱਧ ਤੋਂ ਵੱਧ ਲੜਕੀਆਂ ਨੂੰ ਆਤਮ-ਨਿਰਭਰ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ। ਉਹਨਾਂ ਕਿਹਾ ਕਿ ਅਸਲੀ ਅਰਥਾਂ ਵਿੱਚ ਨਾਰੀ ਸਸ਼ਕਤੀਕਰਨ ਕਰਨ ਲਈ ਲੜਕੀਆਂ ਨੂੰ ਉਹਨਾਂ ਦੇ ਪੈਰਾਂ ਉੱਤੇ ਖੜ੍ਹਾ ਕਰਨਾ ਅੱਜ ਸਮੇਂ ਦੀ ਵੱਡੀ ਲੋੜ ਹੈ। ਉਹਨਾਂ ਨੇ ਸਿਲਾਈ ਪ੍ਰੀਖਿਆ ਉਤੇ ਵੀ ਜੋਰ ਦਿੱਤਾ ਹੈ ਤਾਂ ਜੋ ਲੋੜਵੰਦ ਲੜਕੀਆਂ ਦੇ ਹੁਨਰ ਵਿੱਚ ਵਾਧਾ ਕੀਤਾ ਜਾ ਸਕੇ। ਉਹਨਾਂ ਵੱਲੋਂ ਇਹ ਵੀ ਕਿਹਾ ਗਿਆ ਕਿ ਕੰਪਿਊਟਰ ਅੱਜ ਦੇ ਸਮੇਂ ਦੀ ਜ਼ਰੂਰਤ ਬਣ ਗਈ ਹੈ। ਕੰਪਿਊਟਰ ਦੀ ਸਿਖਲਾਈ ਲਈ ਵੱਧ ਤੋਂ ਵੱਧ ਜ਼ੋਰ ਦਿੱਤਾ ਜਾਵੇ। ਉਹਨਾਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਕੱਤਰ ਰੈਡ ਕਰਾਸ ਨੂੰ ਸਕੂਲਾਂ ਕਾਲਜਾਂ ਵਿੱਚ ਵੱਧ ਤੋਂ ਵੱਧ ਬੱਚਿਆਂ ਨੂੰ ਜਾਗਰੂਕ ਕਰਨ ਬਾਰੇ ਕਿਹਾ ਗਿਆ ਉਨ੍ਹਾਂ ਵੱਲੋਂ ਰੈੱਡ ਕਰਾਸ ਵੱਲੋਂ ਚਲਾਏ ਜਾ ਰਹੇ ਸਿਖਲਾਈ ਸੈਂਟਰਾਂ ਅਤੇ ਸਟਾਫ ਦੇ ਕੰਮਾਂ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਲਈ ਕਿਹਾ ਗਿਆ। ਇਸ ਮੌਕੇ ਵਿਦਿਆਰਥਣਾਂ ਨੇ ਗਿੱਧਾ ਅਤੇ ਹੋਰ ਪੇਸ਼ਕਾਰੀਆਂ ਵੀ ਪੇਸ਼ ਕੀਤੀਆਂ। ਸਮਾਗਮ ਵਿੱਚ ਸ਼੍ਰੀਮਤੀ ਜਸਵੀਰ ਕੌਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ-ਕਮ-ਸਕੱਤਰ, ਇੰਡੀਅਨ ਰੈਡ ਕਰਾਸ ਸੁਸਾਇਟੀ, ਸੰਗਰੂਰ ਅਤੇ ਹੋਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



**☛ ਰੈੱਡ ਕਰਾਸ ਵੱਲੋਂ ਮੌਜੂਦਾ ਸਮੇਂ 200 ਤੋਂ ਵਧੇਰੇ ਲੜਕੀਆਂ ਨੂੰ ਕਿੱਤਾਮੁਖੀ ਸਿੱਖਿਆ ਨਾਲ ਜੋੜਿਆ ਜਾ ਰਿਹੈ ☛ ਹੋਣਹਾਰ ਵਿਦਿਆਰਥਣ ਨੂੰ ਸਿਲਾਈ ਮਸ਼ੀਨ ਅਤੇ ਲੋੜਵੰਦ ਪਰਿਵਾਰ ਨੂੰ ਸਾਈਕਲ ਦਿੱਤਾ**

# ਖਾਲਸਾ ਕਾਲਜ ਮਹਿਤਾ ਦੇ ਨਵੇਂ ਦਾਖਿਲ ਹੋਏ ਵਿਦਿਆਰਥੀਆਂ ਨੂੰ ਕਾਲਜ ਨਿਯਮਾਂ ਪ੍ਰਤੀ ਸੁਚੇਤ ਕੀਤਾ -ਪ੍ਰਿੰਸੀਪਲ, ਗੁਰਦੀਪ ਸਿੰਘ ਰੰਧਾਵਾ ਜਲਾਲ



**ਚੌਕ ਮਹਿਤਾ, 18 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿਡਰਾਂਵਾਲ਼ਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਵਿੱਚ ਚੱਲ ਰਹੇ ਕੋਰਸ ਬੀ. ਏ, ਬੀ ਕਾਮ, ਬੀ ਸੀ ਏ, ਬੀ ਐੱਸ ਸੀ ਇਕਨੋਮਿਕਸ,ਅਤੇ ਐੱਮ ਏ ਹਿਸਟਰੀ ਦੇ ਦਾਖਲੇ ਚੱਲ ਰਹੇ ਹਨ। ਇਸ ਦੌਰਾਨ ਵੱਖ ਵੱਖ ਵਿਭਾਗਾਂ ਦੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾ ਨੇ ਕਾਲਜ ਦੇ ਕਾਇਦੇ ਕਾਨੂੰਨ, ਅਨੁਸ਼ਾਸਨ ਅਤੇ ਇਤਿਹਾਸ ਬਾਰੇ ਜਾਣਕਾਰੀ ਸਾਂਝੀ ਕੀਤੀ। ਦਿਨੋ ਦਿਨ ਵੱਧ ਰਹੇ ਨਸ਼ੇ, ਮੋਬਾਇਲ ਅਤੇ ਲੜਾਈਆਂ ਝਗੜਿਆਂ ਤੋਂ ਦੂਰ ਰਹਿ ਕੇ ਵਿੱਦਿਆ ਗ੍ਰਹਿਣ ਕਰਨ ਲਈ ਪ੍ਰੇਰਿਤ ਕੀਤਾ। ਆਪਣੇ ਅਧਿਆਪਕਾਂ, ਸਟਾਫ ਮੈਂਬਰ ਅਤੇ ਸਾਥੀ ਵਿਦਿਆਰਥੀਆਂ ਦਾ ਸਤਿਕਾਰ ,ਚੰਗੇ ਵਿਵਹਾਰ ਅਤੇ ਸਕਾਰਾਤਮਕ ਵਾਤਾਵਰਨ ਨੂੰ ਬਣਾਏ ਰੱਖਣ ਦੀ ਅਪੀਲ ਕੀਤੀ। ਹਾਜ਼ਰੀ ਅਤੇ ਸਮੇਂ ਦੀ ਪਾਬੰਦਤਾ ਨੂੰ ਪਹਿਲ ਦਿੰਦਿਆਂ ਸਾਰੀਆਂ ਕਲਾਸਾਂ ਵਿੱਚ ਨਿਯਮਤ ਤੌਰ ਤੇ ਸ਼ਾਮਿਲ ਹੋਣ ਦੀ ਅਹਿਮੀਅਤ ਬਾਰੇ ਦੱਸਿਆ। ਇਸ ਤੋਂ ਇਲਾਵਾ ਕਾਲਜ ਵਿੱਚ ਚੱਲਦੀਆਂ ਖੇਡਾਂ , ਸੱਭਿਆਚਾਰਕ ਸਮਾਗਮਾਂ ਵਰਗੀਆਂ ਗਤੀਵਿਧੀਆਂ ਜੋ ਆਤਮ ਵਿਸ਼ਵਾਸ ਅਤੇ ਰਚਨਾਤਮਕਤਾ ਵਿੱਚ ਵਾਧਾ ਕਰਦੀਆਂ ਹਨ ਵਿੱਚ ਵੱਧ ਚੜ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਤੋਂ ਇਲਾਵਾ ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਮੈਡਮ ਕੁਲਦੀਪ,ਗੁਰਵਿੰਦਰ ਕੌਰ,ਮਨਜੀਤ ਕੌਰ, ਸੁਪ੍ਰੀਤ ਕੌਰ, ਰੁਪਿੰਦਰ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪੂਰਤੀ ਸ਼ਰਮਾ, ਅਮਨਦੀਪ ਕੌਰ, ਪਵਨਦੀਪ ਕੌਰ, ਨਵਨੀਤ ਕੌਰ,ਕਾਬਲ ਸਿੰਘ ਪੁਰਬਾ ਅਤੇ ਸਮੂਹ ਅਧਿਆਪਕ ਸਾਹਿਬਾਨ ਸ਼ਾਮਿਲ ਸਨ।

## ਅਕਾਲ ਯੂਨੀਵਰਸਿਟੀ ਤੋਂ ਡਾ. ਕੋਮਲਪ੍ਰੀਤ ਕੌਰ 50 ਲੱਖ ਰੁਪਏ ਦੇ ਇੱਕ ਖੋਜ ਪ੍ਰੋਜੈਕਟ ਨਾਲ ਸਨਮਾਨਿਤ



ਤਲਵੰਡੀ ਸਾਬੋ, 18 ਜੁਲਾਈ (ਗੁਰਜੰਟ ਸਿੰਘ ਨਥੇਹਾ)- ਡਾ. ਕੋਮਲਪ੍ਰੀਤ ਕੌਰ, ਸਹਾਇਕ ਪ੍ਰੋ. ਅਤੇ ਮੁਖੀ, ਜੀਵ ਵਿਗਿਆਨ ਵਿਭਾਗ, ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ, ਨੂੰ ਭਾਰਤ ਸਰਕਾਰ ਦੇ ਸਿਹਤ ਖੋਜ ਵਿਭਾਗ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੁਆਰਾ ਬਾਇਓਮੈਡੀਕਲ ਅਤੇ ਸਿਹਤ ਖੋਜ ਵਿੱਚ ਸ਼ੁਰੂਆਤ ਲਈ ਬਾਇਓਮੈਡੀਕਲ ਅਤੇ ਸਿਹਤ ਖੋਜ ਦੇ ਤਹਿਤ 50 ਲੱਖ (0.5 ਕਰੋੜ) ਰੁਪਏ ਦੇ ਇੱਕ ਪ੍ਰਤੀਯੋਗੀ ਖੋਜ ਪ੍ਰੋਜੈਕਟ ਨਾਲ ਸਨਮਾਨਿਤ ਕੀਤਾ ਗਿਆ ਹੈ। ਪ੍ਰੋਜੈਕਟ ਦਾ ਸਿਰਲੇਖ "ਈਕੋ ਫ੍ਰੈਂਡਲੀ ਲਾਰਵੀਸਾਈਡ ਫਾਰਮੂਲੇਸ਼ਨਾਂ ਦਾ ਵਿਕਾਸ ਅਤੇ ਮੱਛਰ ਵੈਕਟਰਾਂ ਦੇ ਪ੍ਰਬੰਧਨ ਲਈ ਇਸਦੀ ਕਾਰਵਾਈ ਦੀ ਵਿਧੀ ਨੂੰ ਸਪਸ਼ਟ ਕਰਨਾ" ਹੈ। ਗੌਰਤਲਬ ਹੈ ਕਿ ਪ੍ਰੋਜੈਕਟ ਦੀ ਪੀ.ਆਈ ਡਾ. ਕੋਮਲਪ੍ਰੀਤ ਕੌਰ ਪਹਿਲਾਂ ਹੀ ਮੱਛਰ ਦੇ ਲਾਰਵੇ ਦੇ ਨਿਯੰਤਰਣ ਲਈ ਗੈਰ ਰਸਾਇਣਕ ਅਤੇ ਵਾਤਾਵਰਣ ਸੁਰੱਖਿਅਤ ਤਰੀਕਿਆਂ 'ਤੇ ਖੋਜ ਕਰ ਰਹੀ ਹੈ ਅਤੇ ਉਸਨੂੰ ਉਸਦੇ ਪਿਛਲੇ ਕੰਮ ਲਈ ਕਈ ਨੌਜਵਾਨ ਵਿਗਿਆਨੀ ਪੁਰਸਕਾਰ ਨਾਲ ਵੀ ਸਨਮਾਨਿਤ ਕੀਤਾ ਜਾ ਚੁਕਿਆ ਹੈ। ਇਸ ਸ਼ਾਨਦਾਰ ਪ੍ਰਾਪਤੀ ਲਈ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ, ਡੀਨ ਅਕਾਦਮਿਕ ਮੇਜਰ ਜਨਰਲ ਡਾ. ਜੀ. ਐੱਸ. ਲਾਂਬਾ ਅਤੇ ਰਜਿਸਟਰਾਰ ਡਾ. ਸਵਰਨ ਸਿੰਘ ਸਿੰਘ ਨੇ ਡਾ. ਕੋਮਲਪ੍ਰੀਤ ਕੌਰ ਨੂੰ ਉਹਨਾਂ ਦੀ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਜੀਵ ਵਿਗਿਆਨ ਵਿਭਾਗ ਸਹਿਤ ਵੱਖ-ਵੱਖ ਵਿਭਾਗਾਂ ਦੇ ਸਾਥੀ ਅਧਿਆਪਕਾਂ ਨੇ ਵੀ ਉਹਨਾਂ ਨੂੰ ਮੁਬਾਰਕਾਂ ਦਿੱਤੀਆਂ।

## ਸੋਸ਼ਲ ਮੀਡੀਆ ਇੰਚਾਰਜ ਲਾਉਣ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ: ਖੁਸ਼ ਬਰਾੜ, ਕੁਲਦੀਪ ਚੀਮਾ



**ਫਿਰੋਜ਼ਪੁਰ 18 ਜੁਲਾਈ (ਮਨਹੋਰ ਲਾਲ)**-ਪੰਜਾਬ ਦੀ ਸਰਕਾਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਅਤੇ ਸੀਨੀਅਰ ਲੀਡਰਸ਼ਿਪ ਨੇ ਪਾਰਟੀ ਦਾ ਵਿਸਥਾਰ ਕਰਦਿਆਂ ਪੂਰੇ ਪੰਜਾਬ ਦੇ ਜ਼ਿਲ੍ਹਿਆਂ ਦੇ ਸੋਸ਼ਲ ਮੀਡੀਆ ਇੰਚਾਰਜ਼ ਅਤੇ ਜ਼ਿਲ੍ਹਾ ਸੈਕਟਰੀ ਲਾ ਕੇ ਮਾਣ ਬਖਸ਼ਿਦਆਂ ਜ਼ਿਲ੍ਹਾ ਫਿਰੋਜ਼ਪੁਰ ਤੋਂ ਖੁਸ਼ਿਵੰਦਰ ਸਿੰਘ ਬਰਾੜ ਸ਼ਕੂਰ ਨੂੰ ਜ਼ਿਲ੍ਹਾ ਸੋਸ਼ਲ ਮੀਡੀਆ ਇੰਚਾਰਜ਼ ਤੇ ਕੁਲਦੀਪ ਸਿੰਘ ਚੀਮਾ ਨੂੰ ਜ਼ਿਲ੍ਹਾ ਸੈਕਟਰੀ ਲਾ ਕੇ ਮਾਨ ਬਖਸ਼ਿਆ ਹੈ। ਜ਼ਿਲ੍ਹਾ ਫਿਰੋਜ਼ਪੁਰ ਤੋਂ ਸਾਡੇ ਹਲਕੇ ਦੇ ਵਿਧਾਇਕ ਐਡਵੋਕੇਟ ਰਜ਼ਨੀਸ਼ ਕੁਮਾਰ ਦਹੀਆ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਖੁਸ਼ਿਵੰਦਰ ਸਿੰਘ ਸ਼ਕੂਰ ਤੇ ਕੁਲਦੀਪ ਸਿੰਘ ਚੀਮਾ ਨੇ ਕਿਹਾ ਕਿ ਜੋ ਸਾਡੇ ਤੇ ਮਾਨ ਕਰਕੇ ਸਾਡੀ ਡਿਊਟੀ ਲਾਈ ਹੈ ਨੂੰ ਤਨ, ਮਨ, ਧਨ ਨਾਲ ਸੇਵਾ ਕਰਾਂਗੇ। ਇਸ ਮੌਕੇ ਜੋਨ ਪ੍ਰਧਾਨ ਹਰਜਿੰਦਰ ਸਿੰਘ ਫੈਰੋਕੇ, ਮਾਲਕਾ ਜੋਨ ਸੈਕਟਰੀ ਸੁਖਵਿੰਦਰ ਸਿੰਘ ਜਵੰਦਾ, ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਘਾਂਗਾ, ਚੈਅਰਮੇਨ ਮਾਰਕੀਟ ਕਮੇਟੀ ਫਿਰੋਜ਼ਪੁਰ ਛਾਉਣੀ ਬੇਅੰਤ ਸਿੰਘ ਹਕੂਮਤ ਸਿੰਘ ਵਾਲਾ, ਇਕਬਾਲ ਸਿੰਘ ਚੇਅਰਮੈਨ ਜ਼ੀਰਾ, ਸੁਖਦੇਵ ਸਿੰਘ ਸਿੱਧੂ ਚੇਅਰਮੈਨ ਮਾਰਕੀਟ ਕਮੇਟੀ ਮਖੂ, ਬਲਰਾਜ ਸਿੰਘ ਕਟੋਰਾ ਮਾਰਕੀਟ ਕਮੇਟੀ, ਕੈਪਟਨ ਨਛੱਤਰ ਸਿੰਘ ਜ਼ੀਰਾ, ਮੈਡਮ ਸੁਸ਼ੀਲ ਭੱਟੀ ਗੁਰੂਹਰਸਹਾਏ, ਮੈਡਮ ਭੁਪਿੰਦਰ ਕੌਰ ਵਸਤੀ ਭਾਗ ਸਿੰਘ ਵਾਲੀ, ਗੁਰਮੀਤ ਸਿੰਘ ਲਾਡਾ, ਸਰਪੰਚ ਗੁਰਨਾਮ ਸਿੰਘ ਚੰਦਲ, ਰੌਬੀ ਸੰਧੂ ਪੀਏ ਟੂ ਰਜ਼ਨੀਸ਼ ਦਹੀਆ ਆਦਿ ਨੇ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਪੇਰੋਸ਼ਾਹ- ਕੋਟਲਾ ਸੂਬਾ ਸਿੰਘ ਕੋ-ਅਪਰੇਟਿਵ ਸੋਸਾਇਟੀ ਵੱਲੋਂ

# ਪੰਜ ਮੈਂਬਰੀ ਕਮੇਟੀ ਦੀ ਸਰਬਸੰਮਤੀ ਨਾਲ ਕੀਤੀ ਚੋਣ-ਸਰਪੰਚ ਸੁਖਰਾਜ ਸਿੰਘ ਕਾਹਲੋਂ







**ਚੌਕ ਮਹਿਤਾ, 18 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਕੋਅਪਰੇਟਿਵ ਸੋਸਾਇਟੀ ਦੀ ਚੋਣ ਮੌਕੇ ਸਰਪੰਚ ਸੁਖਰਾਜ ਸਿੰਘ ਪੇਰੋਸ਼ਾਹ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆ ਕਿਹਾ ਕਿ ਸਹਿਕਾਰਤਾ ਵਿਭਾਗ ਨੂੰ ਪਿੰਡਾਂ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਕਿਹਾ ਜਾਂਦਾ ਹੈ,ਸਹਿਕਾਰੀ ਸਭਾਵਾਂ ਰਾਹੀ ਪਿੰਡਾਂ ਦੇ ਕਿਸਾਨਾਂ, ਮਿਹਨਤਕਸ਼ ਲੋਕਾਂ ਦੇ ਹੁਨਰਮੰਦ ਨਜ਼ਰੀਏ ਦੀ ਪਹਿਚਾਣ ਕਰਕੇ ਉਸਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ ,ਜਿਸ ਲਈ ਸਹਿਕਾਰਤਾ ਵਿਭਾਗ ਦੇ ਸਹਿਯੋਗੀ ਅਦਾਰੇ ਜਿਵੇਂ ਮਾਰਕਫੈੱਡ, ਹਾਊਸਫੈਡ, ਮਿਲਕਫੈੱਡ ,ਵੀਵਕੋ ਅਤੇ ਪੰਨਕੋਫੈਡ ਵੱਲੋਂ ਸਹਿਕਾਰੀ ਸਭਾਵਾਂ ਨੂੰ ਖਾਦ ਪਦਾਰਥ, ਕੀੜੇਮਾਰ ਦਵਾਈਆਂ, ਖਾਦਾਂ , ਖੇਤੀਬਾੜੀ ਦੇ ਅਧੁਨਿਕ ਸੰਦ ,ਖਾਦੀ ਤੱਤ, ਵਧੀਆ ਕੁਆਲਟੀ ਦੇ ਬੀਜ , ਖਾਣਯੋਗ ਪਦਾਰਥ ਤੇਲ, ਦੁੱਧ , ਖੰਡ , ਦਾਲਾਂ ਆਦਿ ਖਰੀਦ ਵੀ ਕੀਤੀਆ ਜਾਂਦੀਆ ਹਨ ਅਤੇ ਕੰਟਰੋਲ ਕੀਮਤਾਂ ਤੇ ਮੁਹੱਈਆ ਵੀ ਕਰਵਾਏ ਜਾਂਦੇ ਹਨ , ਸੋ ਸਮੂਹ ਕਿਸਾਨਾਂ ਅਤੇ ਹੁਨਰਮੰਦ ਕਾਮਿਆਂ ਨੂੰ ਸਹਿਕਾਰੀ ਸਭਾਵਾਂ ਵਿੱਚ ਵੱਧ ਤੋਂ ਵੱਧ ਭਾਗ ਲੈਣਾ ਚਾਹੀਦਾ ਹੈ , ਪਿਛਲੇ 10 ਸਾਲਾਂ ਤੋਂ ਬੰਦ ਪਈ ਕੋ-ਅਪਰੇਟਿਵ ਸੋਸਾਇਟੀ ਨੂੰ ਮੁੜ ਸੁਰਜੀਤ ਕਰਨ ਵਾਸਤੇ ਗ੍ਰਾਮ ਪੰਚਾਇਤ ਪੇਰੋਸ਼ਾਹ ਦੇ ਯਤਨਾਂ ਨੂੰ ਸਹਿਯੋਗ ਦੇਣ ਲਈ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ, ਇਸ ਮੌਕੇ ਸਹਿਕਾਰਤਾ ਵਿਭਾਗ ਵੱਲੋਂ ਬਤੌਰ ਅਬਜਰਵਰ ਇੰਸਪੈਕਟਰ ਸ੍ਰੀ ਰੋਹਿਤ ਜੀ, ਸਕੱਤਰ ਜਗਦੇਵ ਸਿੰਘ , ਸਕੱਤਰ ਅਮਨਦੀਪ ਸਿੰਘ ਵੱਲੋਂ ਸਭਾ ਦੇ ਮੈਬਰਾਂ ਦੀ ਇਕੱਤਰਤਾ ਵਿੱਚ ਨਾਮਜ਼ਦਗੀਆਂ ਦੀ ਮੰਗ ਕਰਨ ਤੇ ਪੰਜ ਮੈਬਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਜਿਸ ਤੇ ਸਮੂਹ ਮੈਂਬਰਾਂ ਨੇ ਸਹਿਮਤੀ ਪ੍ਰਗਟ ਕਰਦਿਆਂ ਰਸ਼ਪਾਲ ਸਿੰਘ , ਕੁਲਦੀਪ ਸਿੰਘ, ਬਾਵਾ ਸਿੰਘ, ਬਲਦੇਵ ਸਿੰਘ ਅਤੇ ਪਰਮਜੀਤ ਸਿੰਘ ਨੂੰ ਮੈਂਬਰ ਨਾਮਜ਼ਦ ਕਰ ਦਿੱਤਾ ਗਿਆ, ਇਸ ਮੌਕੇ ਪੰਜ ਮੈਂਬਰੀ ਕਮੇਟੀ ਵੱਲੋਂ ਬਲਦੇਵ ਸਿੰਘ ਸੂਬੇਦਾਰ ਨੂੰ ਪ੍ਰਧਾਨ ਅਤੇ ਕੁਲਦੀਪ ਸਿੰਘ ਫੌਜੀ ਨੂੰ ਮੀਤ ਪ੍ਰਧਾਨ ਚੁਣ ਲਿਆ ਗਿਆ। ਵਰਣਨਯੋਗ ਹੈ ਕਿ ਪੇਰੋਸ਼ਾਹ- ਕੋਟਲਾ ਕੋ-ਅਪਰੇਟਿਵ ਸੋਸਾਇਟੀ ਲੰਬੇ ਸਮੇਂ ਤੋਂ ਬੰਦ ਹੈ ਜਿਸ ਕਾਰਨ ਕਿਸਾਨ ਸਹਿਕਾਰਤਾ ਵਿਭਾਗ ਵੱਲੋਂ ਮਿਲ ਰਹੀਆਂ ਖਾਦਾਂ, ਪੈਸਟੀਸਾਈਡ ਅਤੇ ਹੋਰ ਸਹੂਲਤਾਂ ਤੋਂ ਵਾਂਝੇ ਸਨ ਸੋ ਆਉਣ ਵਾਲੇ ਸਮੇਂ ਵਿੱਚ ਪੇਰੋਸ਼ਾਹ-ਕੋਟਲਾ ਸੁਸਾਇਟੀ ਕਿਸਾਨਾਂ ਲਈ ਅਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਵੱਡਾ ਯੋਗਦਾਨ ਪਾਵੇਗੀ।

ਬੇਅਦਬੀ ਬਿੱਲ ਪਾਸ ਹੋਣ ਨਾਲ ਕੌਮ 'ਚ ਆਸ ਦੀ ਕਿਰਨ ਜਾਗਰੀ: ਫੈਡਰੇਸ਼ਨ ਮਹਿਤਾ

# ਇਮਾਨਦਾਰੀ ਨਾਲ ਇਸ 'ਤੇ ਡੱਟ ਕੇ ਪਹਿਰਾ ਵੀ ਦਿੱਤਾ ਜਾਵੇ



**ਫਿਰੋਜ਼ਪੁਰ 18 ਜੁਲਾਈ (ਮਨਹੋਰ ਲਾਲ)**-ਹਾਲ ਹੀ ਵਿਚ ਸਰਕਾਰ ਵੱਲੋਂ ਵਿਧਾਨ ਸਭਾ ਵਿਚ ਪਾਸ ਕੀਤੇ ਗਏ ਪਵਿੱਤਰ ਧਾਰਮਿਕ ਗ੍ਰੰਥਾਂ ਸਮੇਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਸਬੰਧੀ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਸਬੰਧੀ ਪਾਸ ਕੀਤੇ ਗਏ ਬਿੱਲ ਦਾ ਚੁਫੇਰਿਓ ਸੁਆਗਤ ਹੋ ਰਿਹਾ ਹੈ ਅਤੇ ਇਸ ਨਾਲ ਖਾਸ ਕਰਕੇ ਸਿੱਖ ਕੌਮ ਵਿਚ ਇਕ ਆਸ ਦੀ ਕਿਰਨ ਜਾਰੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ, ਕੌਮੀ ਮੀਤ ਪ੍ਰਧਾਨ ਭਾਈ ਸੁਖਦੇਵ ਸਿੰਘ ਲਾਡਾ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਡਾ. ਗੁਰਮੀਤ ਸਿੰਘ, ਜ਼ਿਲ੍ਹਾ ਪ੍ਰਧਾਨ ਦਿਹਾਤੀ ਭਾਈ ਜਸਬੀਰ ਸਿੰਘ ਤੇਗਾ ਸਿੰਘ ਵਾਲਾ ਤੇ ਸਾਥੀਆਂ ਨੇ ਅੱਜ ਫਿਰੋਜ਼ਪੁਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ 2015 ਤੋਂ ਸ਼ੁਰੂ ਹੋਈਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਪ੍ਰਤੀ ਸਿੱਖ ਕੌਮ ਵਿਚ ਪੂਰੇ ਗੁੱਸੇ ਦੀ ਲਹਿਰ ਹੈ ਅਤੇ ਇਨ੍ਹਾਂ 'ਚ ਨਾਮਜ਼ਦ ਦੋਸ਼ੀਆਂ ਨੂੰ ਢੁੱਕਵੀਂ ਸਜ਼ਾ ਨਾ ਮਿਲਣ ਕਰਕੇ ਪੰਥ ਦਰਦੀਆਂ ਵਿਚ ਰੋਹ ਦੇ ਜੋ ਭਾਂਬੜ ਬਲ ਰਹੇ ਸਨ, ਇਸ ਬਿੱਲ ਦੇ ਪਾਸ ਹੋਣ ਨਾਲ ਸ਼ਾਂਤ ਹੋਣੇ ਸੁਭਾਵਿਕ ਹਨ। ਭਾਈ ਜਸਪਾਲ ਸਿੰਘ ਤੇ ਸਾਥੀਆਂ ਨੇ ਅੱਗੇ ਕਿਹਾ ਕਿ ਸਮੂਹ ਰਾਜਸੀ ਪਾਰਟੀਆਂ ਦਾ ਉਹ ਤਹਿ ਦਿਲੋਂ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਸਰਬਸੰਮਤੀ ਨਾਲ ਆਪਣੀ ਪੂਰੀ ਜ਼ਿੰਮੇਵਾਰੀ ਸਮਝਦੇ ਹੋਏ ਇਸ ਬਿੱਲ ਨੂੰ ਪਾਸ ਕੀਤਾ ਅਤੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਅਤੇ ਸਮੁੱਚੀਆਂ ਰਾਜਸੀ ਪਾਰਟੀਆਂ ਦਾ ਇਹ ਵੀ ਫਰਜ਼ ਬਣਦਾ ਹੈ ਕਿ ਇਸ ਪਾਸ ਹੋਏ ਬਿੱਲ ਤੇ ਇਮਾਨਦਾਰੀ ਨਾਲ ਡੱਟ ਕੇ ਪਹਿਰਾ ਦਿੱਤਾ ਜਾਵੇ ਅਤੇ ਦੋਸ਼ੀਆਂ ਨੂੰ ਕਿਸੇ ਵੀ ਕੀਮਤ ਨਾ ਬਖਸ਼ਿਆ ਜਾਵੇ। ਇਸ ਮੌਕੇ ਉਨ੍ਹਾਂ ਤੋਂ ਇਲਾਵਾ ਹਰਜਿੰਦਰ ਸਿੰਘ ਬੱਗਾ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਨੰਢਾ ਸ਼ਹਿਰੀ ਪ੍ਰਧਾਨ, ਜਸਬੀਰ ਸਿੰਘ ਜੱਸਾ, ਕਿਰਨਦੀਪ ਸਿੰਘ ਪੱਲਾ, ਗੁਰਮਿੰਦਰ ਸਿੰਘ, ਮਿਹਰ ਸਿੰਘ ਜੋਸਨ, ਗੁਰਮੇਲ ਸਿੰਘ ਭੇਡੀਆ ਆਦਿ ਆਗੂ ਹਾਜ਼ਰ ਸਨ।

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਤੁੱਕ ਤੁੱਕ ਵਾਲੇ 21 ਦਿਨਾਂ ਮਹਾਂ ਸੰਪਟ ਸਾਹਿਬ ਰੱਖੇ



ਫਿਰੋਜ਼ਪੁਰ 18 ਜੁਲਾਈ (ਮਨਹੋਰ ਲਾਲ): ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਤੁੱਕ ਤੁੱਕ ਵਾਲੇ 21 ਦਿਨਾਂ ਮਹਾਂ ਸੰਪਟ ਰੱਖੇ ਗਏ। ਇਨ੍ਹਾਂ ਮਹਾਂ ਸੰਪਟ ਸਾਹਿਬ ਜੀ ਦੇ ਪਾਠਾਂ ਦੇ ਭੋਗ 7 ਅਗਸਤ ਨੂੰ ਪਾਏ ਜਾਣਗੇ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ 21 ਦਿਨ ਖੁਦ ਮਹਾਂ ਸੰਪਟ ਕਰਦੇ ਹਨ। ਭੋਰਾ ਸਾਹਿਬ ਦੇ ਅੰਦਰ ਅਤੇ ਲਾਲ ਹੀ ਭਾਰੀ ਗਿਣਤੀ ਵਿਚ ਪਾਠੀ ਸਿੰਘ ਜਿਹੜੇ ਕੇ 21 ਦਿਨ ਕੋਈ ਵੀ ਪਾਠੀ ਬਾਹਰ ਨਹੀਂ ਆ ਸਕਦਾ ਅਤੇ 21 ਦਿਨ ਪਾਠਾਂ ਦੀਆਂ ਲੜੀਆਂ ਚੱਲਦੀਆਂ ਹਨ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸੰਗਤਾਂ ਨੂੰ ਪ੍ਰਵਚਨਾ ਦੀ ਵਰਖਾ ਕਰਦਿਆਂ ਆਖਿਆ ਕਿ ਪਰਮੇਸ਼ਵਰ ਦਾ ਨਾਮ ਜਪਣਾ ਬਹੁਤ ਔਖਾ ਹੈ ਅਤੇ ਜਿਨ੍ਹਾਂ ਨੂੰ ਨਾਮ ਦੀ ਭੁੱਖ ਹੁੰਦੀ ਹੈ ਉਨ੍ਹਾਂ ਦੀਆਂ ਸਾਰੀਆਂ ਭੁੱਖਾਂ ਮਿਟ ਜਾਂਦੀਆਂ ਹਨ। ਪਰਮੇਸ਼ਵਰ ਦਾ ਨਾਮ ਸਭ ਤੋਂ ਉੱਤਮ ਹੈ। ਪਰਮੇਸ਼ਵਰ ਦਾ ਨਾਮ ਕਿਸੇ ਵੀ ਜਗ੍ਹਾ 'ਤੇ ਜਪਿਆ ਜਾ ਸਕਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕੁਝ ਆਤਮਾ ਦਾ ਏਨਾ ਮਾੜਾ ਹਾਲ ਹੈ ਕਿ ਉਹ ਨਾਮ ਜੱਪਣ ਦੇ ਕਾਬਿਲ ਨਹੀਂ, ਉਹ ਸਿਰਫ ਦੁਨੀਆਵੀ ਪਦਾਰਥਾਂ ਨੂੰ ਹੀ ਪਿਆਰ ਕਰਦੇ ਹਨ, ਜਿਨ੍ਹਾਂ ਨੇ ਸਾਥ ਨਹੀਂ ਜਾਣਾ, ਸਿਰਫ ਤੇ ਸਿਰਫ ਨਾਮ ਹੀ ਤੁਹਾਡੇ ਨਾਲ ਜਾਣਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਜਿਸ ਤਰ੍ਹਾਂ ਲੱਕੜ ਪਾਣੀ ਤੇ ਤਰ ਕੇ ਹਜ਼ਾਰਾਂ ਮੀਲ ਚਲੀ ਜਾਂਦੀ ਹੈ, ਉਸੇ ਤਰ੍ਹਾਂ ਲਾਮ ਜੱਪਣ ਵਾਲੇ ਵੀ ਲੱਕੜ ਵਾਂਗੂ ਤਰ ਜਾਂਦੇ ਹਨ। ਇਸ ਤਰ੍ਹਾਂ ਜਿਹੜੇ ਸਾਧੂ ਜਿਵੇਂ ਕਿ ਧੰਨ ਧੰਨ ਬਾਬਾ ਨੰਦ ਸਿੰਘ ਜੀ ਨੇ ਘੋਰ ਤਪੱਸਿਆ ਕੀਤੀ ਅਤੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਉਪਦੇਸ਼ਾਂ ਤੇ ਚੱਲ ਕੇ ਆਪਣਾ ਜੀਵਨ ਸਫਲ ਕੀਤਾ ਅਤੇ ਉਨ੍ਹਾਂ ਦੀ ਮਰਿਆਦਾ ਸ੍ਰੀ ਅਖੰਡ ਪਾਠ ਸਾਹਿਬ ਜੀ, ਤੁੱਕ ਤੁੱਕ ਮਹਾਂ ਸੰਪਟ, ਮਹਾਂ ਸੰਪਟ ਜਿਸ ਦਾ ਜਿਨ੍ਹਾਂ ਦਾ ਫਲ 100 ਗੁਣਾਂ ਵੱਧ ਹੁੰਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਜੇਕਰ ਅਸੀਂ ਪਾਪੀ ਲੋਕਾਂ ਕੋਲ ਜਿਵੇਂ ਕਿ ਅਸੀਂ ਜੂਏ ਖੇਡਣ ਵਾਲਿਆਂ ਬੈਠਾ ਗਏ ਤਾਂ ਫੜ ਜਾਣ ਤੇ ਉਹ ਵੀ ਉਨ੍ਹੇ ਹੀ ਪਾਪੀ ਹਨ ਅਤੇ ਜੇਕਰ ਅਸੀਂ ਧੰਨ ਕਰਨ ਵਾਲੇ ਸੇਵਾ ਸਿਮਰਨ ਕਰਨ ਵਾਲੇ ਕੋਲ ਬੈਠਾ ਗਏ ਜਿਵੇਂ ਕਿ ਚੰਗੀਆਂ ਰੂਹਾਂ ਦੀ ਸਤਿਸੰਗ ਕਰਾਂਗੇ ਨਾਮ ਸਿਮਰਨ ਕਰਾਂਗੇ ਤਾਂ ਅਸੀਂ ਭਵ ਸਾਗਰ ਤੋਂ ਤਰ ਜਾਵਾਂਗੇ। ਇਸ ਲਈ ਹੇ ਮਨੁੱਖ ਵੱਧ ਤੋਂ ਵੱਧ ਨਾਮ ਸਿਮਰਨ ਕਰ, ਇਸੇ ਨੇ ਹੀ ਤੁਹਾਡਾ ਬੇੜਾ ਪਾਰ ਕਰਨਾ ਹੈ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜੱਸ ਵੀ ਹਾਜ਼ਰ ਸਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਭਾਈ ਮਰਦਾਨਾ ਜੀ ਯਾਦਗਾਰੀ ਹਾਲ ਲਈ 200 ਥਾਲ ਅਤੇ 202 ਗਲਾਸਾਂ ਦੀ ਸੇਵਾ ਸੇਖਵਾਂ ਤੇ ਕਾਲੜਾ ਵੱਲੋਂ ਕੀਤੀ ਗਈ



**ਫਿਰੋਜ਼ਪੁਰ 18 ਜੁਲਾਈ (ਮਨਹੋਰ ਲਾਲ)**-ਭਾਈ ਮਰਦਾਨਾ ਜੀ ਯਾਦਗਾਰੀ ਹਾਲ ਲਈ 200 ਥਾਲ ਅਤੇ 202 ਗਲਾਸਾਂ ਦੀ ਸੇਵਾ ਸੇਖਵਾਂ ਤੇ ਕਾਲੜਾ ਜੀ ਵੱਲੋਂ ਕੀਤੀ ਗਈ। ਫਿਰੋਜ਼ਪੁਰ 18 ਜੁਲਾਈ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਭਾਈ ਮਰਦਾਨਾ ਜੀ ਯਾਦਗਾਰੀ ਹਾਰ ਵਾਸਤੇ ਬਰਤਨਾਂ ਦੀ ਸੇਵਾ ਦੋ ਪਰਿਵਾਰਾਂ ਵੱਲੋਂ ਕੀਤੀ ਗਈ ਜਿਸ ਵਿੱਚ 200 ਥਾਲ ਦੀ ਸੇਵਾ ਸ੍ਰੀ ਮਹੰਤ ਰੇਸ਼ਮ ਸਿੰਘ ਜੀ ਸੇਖਵਾਂ ਵੱਲੋਂ ਕੀਤੀ ਗਈ ਅਤੇ 202 ਗਲਾਸਾਂ ਦੀ ਸੇਵਾ ਸੀਨੀਅਰ ਪੱਤਰਕਾਰ ਤੇ ਸਮਾਜ ਸੇਵੀ ਗੁਰਚਰਨ ਸਿੰਘ ਕਾਲੜਾ ਜੀ ਵੱਲੋਂ ਕੀਤੀ ਗਈ ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਭਾਈ ਮਰਦਾਨਾ ਜੀ ਯਾਦਗਾਰੀ ਹਾਲ ਵਾਸਤੇ ਬਰਤਨਾਂ ਦੀ , ਕਰੋਕਰੀ ਦੇ ਸਮਾਨ ਦੀ ਅਤੇ ਟੈਂਟ ਦੇ ਸਮਾਨ ਦੀ ਪੂਰਤੀ ਲਈ ਵੱਖ ਵੱਖ ਸਮਾਜ ਸੇਵੀ ਸੱਜਣਾਂ ਨੂੰ ਮਿਲ ਕੇ ਬੇਨਤੀ ਕੀਤੀ ਗਈ ਜਿਸ ਦੀ ਸ਼ੁਰੂਆਤ ਸ਼੍ਰੀ ਮਹੰਤ ਰੇਸ਼ਮ ਸਿੰਘ ਜੀ ਸੇਖਵਾਂ ਵੱਲੋਂ ਅਤੇ ਸੀਨੀਅਰ ਪੱਤਰਕਾਰ ਗੁਰਚਰਨ ਸਿੰਘ ਕਾਲੜਾ ਜੀ ਵੱਲੋਂ ਕੀਤੀ ਗਈ ਸ੍ਰੀ ਮਹੰਤ ਰੇਸ਼ਮ ਸਿੰਘ ਜੀ ਸੇਖਵਾਂ ਨੂੰ ਅਸੀਂ ਬੇਨਤੀ ਕੀਤੀ ਸੀ ਕਿ ਸਾਡੇ ਹਾਲ ਵਾਸਤੇ ਥਾਲ ਚਾਹੀਦੇ ਨੇ ਤਾਂ ਜੋ ਖੁਸ਼ੀ ਗਮੀ ਦੇ ਪ੍ਰੋਗਰਾਮ ਜੋ ਹੁੰਦੇ ਹਨ ਉਹਨਾਂ ਵਿੱਚ ਸਾਨੂੰ ਬਾਹਰੋਂ ਕਿਤੋਂ ਟੈਂਟ ਤੋਂ ਮੰਗਵਾਉਣ ਦੀ ਲੋੜ ਨਾ ਪਵੇ ਉਹਨਾਂ ਨੇ ਬੇਨਤੀ ਪ੍ਰਵਾਨ ਕਰਦੇ ਹੋਏ 200 ਸਾਲ ਦੀ ਸੇਵਾ ਭੇਜੀ ਉਸ ਤੋਂ ਬਾਅਦ ਸੀਨੀਅਰ ਪੱਤਰਕਾਰ ਅਤੇ ਸਮਾਜ ਸੇਵੀ ਗੁਰਚਰਨ ਸਿੰਘ ਕਾਲੜਾ ਜੀ ਵੱਲੋਂ 202 ਗਲਾਸਾਂ ਦੀ ਸੇਵਾ ਭੇਜੀ ਗਈ ਅਤੇ ਉਹਨਾਂ ਨੂੰ ਸਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ ਇਸ ਤੋਂ ਬਾਅਦ ਬਲਕਾਰ ਸਿੰਘ ਜੀ ਖਾਲਸਾ ਖਾਲਸਾ ਟੈਕਸ ਸਟਾਈਲ ਵਾਲਿਆਂ ਵੱਲੋਂ 300 ਚਮਚਿਆਂ ਦੀ ਸੇਵਾ ਅਤੇ ਬੀਬੀ ਜੈਪ੍ਰੀਤ ਕੌਰ ਜੀ ਦੇ ਪਰਿਵਾਰ ਵੱਲੋਂ ਵੀ ਬਰਤਨਾਂ ਦੀ ਸੇਵਾ ਕੀਤੀ ਗਈ। ਸੁਸਾਇਟੀ ਨੂੰ ਹਾਲ ਦੇ ਲਈ 20 ਮੇਜਾਂ 100 ਕੁਰਸੀਆਂ ਕਰੋਕਰੀ ਦੇ ਸਮਾਨ ਲਈ ਡੂੰਘੇ ਆਦੀ ਦੀ ਲੋੜ ਹੈ ਜਿਸ ਨੂੰ ਅਸੀਂ ਸਹਿਯੋਗੀ ਸੱਜਣਾਂ ਦੇ ਸਹਿਯੋਗ ਨਾਲ ਅਗਸਤ ਮਹੀਨੇ ਤੱਕ ਪੂਰਾ ਕਰ ਲਿਆ ਜਾਵੇਗਾ ਇਸ ਮੌਕੇ ਦਰਸ਼ਨ ਲਾਲ ਜੀ ਹੀਰਾ ਹਰਜੀਤ ਸਿੰਘ ਜੀ ਧਾਲੀਵਾਲ ਇੰਦਰਪਾਲ ਸਿੰਘ ਪ੍ਰਿੰਸ ਬਾਬਾ ਸਰੂਪ ਸਿੰਘ ਜੀ ਰਜੇਸ਼ ਕੁਮਾਰ ਆਦਿ ਹਾਜ਼ਰ ਸਨ।

# ਸੂਬਾ ਸਰਕਾਰ ਵਲੋਂ ਬਣਾਏ ਬੇਅਦਬੀ ਵਿਰੋਧੀ ਕਾਨੂੰਨ ਦਾ ਸਿੱਖ ਸਟੂਡੈਂਟ ਫੈਡਰੇਸ਼ਨ ਵਲੋਂ ਭਰਵਾਂ ਸਵਾਗਤ : ਭਾਈ ਕੁਲਦੀਪ ਸਿੰਘ ਨੰਢਾ



ਫਿਰੋਜ਼ਪੁਰ 18 ਜੁਲਾਈ (ਮਨਹੋਰ ਲਾਲ): ਪੰਜਾਬ ਸਰਕਾਰ ਵਲੋਂ ਧਾਰਮਿਕ ਬੇਅਦਬੀ ਦੇ ਦੋਸ਼ੀਆਂ ਨੂੰ ਸਖਤ ਸਜਾਵਾਂ ਦੇਣ ਲਈ ਬਣਾਏ ਕਾਨੂੰਨ ਦਾ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਸਮੂਹ ਵਰਕਰਾਂ ਨੇ ਭਰਵਾਂ ਸਵਾਗਤ ਕੀਤਾ ਹੈ। ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਕੁਲਦੀਪ ਸਿੰਘ ਨੰਡਾ, ਸ਼ਹਿਰੀ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਪੰਜਾਬ ਦੇ ਵੱਖ ਵੱਖ ਕੋਨਿਆਂ ਵਿਚ ਧਾਰਮਿਕ ਗ੍ਰੰਥਾਂ ਦੀ ਸ਼ਰੇਆਮ ਬੇਅਦਬੀ ਹੁੰਦੀ ਆਈ ਹੈ। ਪਿਛਲੀਆਂ ਸਰਕਾਰਾਂ ਤੋਂ ਇਲਾਵਾ ਮੌਜੂਦਾ ਸਰਕਾਰ ਦੇ ਸ਼ਾਸਨ ਕਾਲ ਵਿਚ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਤੋਂ ਇਲਾਵਾ ਦੂਜੇ ਧਰਮਾਂ ਦੇ ਧਾਰਮਿਕ ਚਿੰਨ੍ਹਾਂ ਦੀ ਬੇਅਦਬੀ ਦੇ ਵੀ ਕਈ ਕੇਸ ਸਾਹਮਣੇ ਆਉਂਦੇ ਰਹੇ ਹਨ ਜਿਸ ਕਰਕੇ ਧਾਰਮਿਕ ਆਸਥਾ ਵਾਲੀਆਂ ਸੰਗਤਾਂ ਦੀਆਂ ਭਾਵਨਾਵਾਵਾਂ ਨੂੰ ਡੂੰਘੀ ਸੱਟ ਵੱਜਦੀ ਰਹੀ ਹੈ। ਇਸ ਨਾਲ ਆਪਸੀ ਭਾਈਚਾਰਕ ਸਾਂਝ ਵੀ ਟੁੱਟਣ ਦਾ ਖਦਸ਼ਾ ਬਣਿਆ ਰਹਿੰਦਾ ਸੀ। ਉਮੀਦ ਹੈ ਕਿ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਦੇ ਬਣਨ ਨਾਲ ਭੜਕਾਊ ਅਨਸਰਾਂ ਦੇ ਹੌਂਸਲੇ ਪਸਤ ਹੋਣਗੇ ਅਤੇ ਸਮਾਜਿਕ ਸਾਂਝੀਵਾਲਤਾ ਨੂੰ ਹੋਰ ਬਲ ਮਿਲੇਗਾ। ਇਸ ਮੌਕੇ ਭਾਈ ਨੰਢਾ ਨਾਲ ਫੈਡਰੇਸ਼ਨ ਦੇ ਸਮੂਹ ਵਰਕਰ ਵੀ ਵੱਡੀ ਗਿਣਤੀ ਵਿਚ ਮੌਜੂਦ ਸਨ।

### ਕੈਬਨਿਟ ਮੰਤਰੀ ਨੇ ਹਲਕਾ ਸੁਨਾਮ ਦੇ ਵੱਖੋ-ਵੱਖ ਪਿੰਡਾਂ ਤੇ ਸ਼ਹਿਰਾਂ ਦੇ

# ਵਿਕਾਸ ਕਾਰਜਾਂ ਲਈ ਕਰੀਬ 01 ਕਰੋੜ 38 ਲੱਖ ਰੁਪਏ ਦੇ ਚੈੱਕ ਵੰਡੇ





**ਸੰਗਰੂਰ/ਲੌਂਗੋਵਾਲ/ ਸੁਨਾਮ ( ਰਣਜੀਤ ਸਿੰਘ ਪੇਧਨੀ )**-ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ, ਪੰਜਾਬ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਹਲਕਾ ਸੁਨਾਮ ਦੇ ਵੱਖੋ-ਵੱਖ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਕਾਰਜਾਂ ਲਈ ਕਰੀਬ 01 ਕਰੋੜ 38 ਲੱਖ ਰੁਪਏ ਦੇ ਚੈੱਕ ਵੰਡਣ ਲਈ ਲੌਂਗੋਵਾਲ, ਸ਼ਾਹਪੁਰ ਕਲਾਂ ਅਤੇ ਸੁਨਾਮ ਆਪਣੇ ਦਫਤਰ ਵਿਖੇ ਰੱਖੇ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਦੀ ਧਰਤੀ ਵਿਧਾਨ ਸਭਾ ਹਲਕਾ ਸੁਨਾਮ ਵਿੱਚ ਵਿਕਾਸ ਕਾਰਜਾਂ ਸਬੰਧੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾ ਰਹੀ ਤੇ ਵਿਕਾਸ ਕਾਰਜਾਂ ਲਈ ਫੰਡ ਬੇਰੋਕ ਦਿੱਤੇ ਜਾ ਰਹੇ ਹਨ। ਸ਼੍ਰੀ ਅਮਨ ਅਰੋੜਾ ਨੇ ਹਲਕਾ ਸੁਨਾਮ ਦੇ ਸ਼ਹਿਰ ਲੌਂਗੋਵਾਲ ਵਿਖੇ 14 ਕੰਮਾਂ ਲਈ 50.15 ਲੱਖ ਰੁਪਏ ਅਤੇ ਸੁਨਾਮ ਸ਼ਹਿਰ ਦੇ 16 ਕੰਮਾਂ ਲਈ 50 ਲੱਖ ਰੁਪਏ ਦੇ ਚੈੱਕ ਵੰਡੇ। ਇਸੇ ਤਰ੍ਹਾਂ ਉਹਨਾਂ ਨੇ 11 ਪਿੰਡੀਆਂ ਦੇ 11 ਕੰਮਾਂ ਲਈ 18.79 ਲੱਖ ਰੁਪਏ, ਪਿੰਡ ਸ਼ਾਹਪੁਰ ਦੇ 03 ਵਿਕਾਸ ਕਾਰਜਾਂ ਲਈ 12.50 ਲੱਖ ਰੁਪਏ ਅਤੇ ਪਿੰਡ ਝਾੜੋਂ ਦੇ 02 ਵਿਕਾਸ ਕਾਰਜਾਂ ਲਈ 06 ਲੱਖ ਰੁਪਏ ਦੇ ਚੈੱਕ ਵੰਡੇ। ਸ਼੍ਰੀ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਜਿਹੜੇ ਵਾਅਦੇ ਲੋਕਾਂ ਨਾਲ ਕੀਤੇ ਸਨ, ਉਹ ਪੜਾਅਵਾਰ ਪੂਰੇ ਕੀਤੇ ਜਾ ਰਹੇ ਹਨ। ਸੜਕਾਂ, ਗਲੀਆਂ, ਸਟਰੀਟ ਲਾਈਟਾਂ, ਪਾਰਕਾਂ, ਸ਼ਮਸ਼ਾਨਘਾਟਾਂ ਤੇ ਕਬਰਸਤਾਨਾਂ, ਪਾਣੀ ਦੀ ਨਿਕਾਸੀ ਅਤੇ ਸਕੂਲਾਂ ਸਬੰਧੀ ਵੱਡੇ ਪੱਧਰ ਉਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਹਲਕੇ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ ਦੀ ਕਾਇਆ ਕਲਪ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਤੇ ਹਲਕੇ ਦੀ ਕੋਈ ਸੜਕ ਅਜਿਹੀ ਨਹੀਂ ਰਹਿਣ ਦਿੱਤੀ ਜਾਵੇਗੀ, ਜਿਸ ਦੀ ਕਾਇਆ ਕਲਪ ਨਾ ਹੋਈ ਹੋਵੇ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀਆਂ ਸਾਰੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਇਕ ਯੋਗ ਲਾਭਪਾਤਰੀ ਨੂੰ ਦਿੱਤਾ ਜਾ ਰਿਹਾ ਹੈ। 300 ਯੂਨਿਟ ਮੁਫ਼ਤ ਬਿਜਲੀ ਦੇਣ ਦੇ ਇਤਿਹਾਸਕ ਫੈਸਲੇ ਨਾਲ ਲੋਕਾਂ ਨੂੰ ਬਹੁਤ ਲਾਭ ਹੋਇਆ ਹੈ। ਵੱਡੀ ਗਿਣਤੀ ਸਰਕਾਰੀ ਸੇਵਾਵਾਂ ਦਾ ਲਾਭ ਹੁਣ ਲੋਕਾਂ ਨੂੰ ਘਰਾਂ ਵਿੱਚ ਬੈਠੇ ਹੀ ਮਿਲ ਰਿਹਾ ਹੈ। ਸ਼੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦੇ ਨਹਿਰੀ ਪਾਣੀ ਦੀ ਇਕ ਇਕ ਬੂੰਦ ਕਿਸਾਨਾਂ ਦੇ ਖੇਤਾਂ ਤਕ ਪੁਜਦੀ ਕੀਤੀ ਜਾਵੇ। ਇਸ ਸਦਕਾ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ, ਉੱਥੇ ਕਿਸਾਨਾਂ ਦੇ ਪੈਸੇ ਦੀ ਬੱਚਤ ਹੋਵੇਗੀ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੋਵੇਗਾ। ਇਸੇ ਲੜੀ ਤਹਿਤ ਹਰ ਖੇਤ ਤਕ ਨਹਿਰੀ ਪਾਣੀ ਪੁੱਜਦਾ ਕਰਨ ਲਈ ਜ਼ਮੀਨਦੋਜ਼ ਪਾਈਪਾਂ ਪਾਉਣ ਅਤੇ ਖਾਲੇ ਬਣਾਉਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਲੰਮੇ ਸਮੇਂ ਤੋਂ ਵੱਖ ਵੱਖ ਮੁਸ਼ਕਲਾਂ ਨਾਲ ਜੂਝਦੇ ਰਹੇ ਹਲਕੇ ਦੇ ਸ਼ਹਿਰਾਂ ਨੂੰ ਮੁਸ਼ਕਲਾਂ ਤੋਂ ਨਿਜਾਤ ਦਿਵਾਉਣ ਲਈ ਉਚੇਚੇ ਤੌਰ ਉੱਤੇ ਕੰਮ ਕੀਤਾ ਜਾ ਰਿਹਾ ਹੈ, ਜਿਸ ਦੇ ਸਾਰਥਕ ਸਿੱਟੇ ਨਿਕਲ ਰਹੇ ਹਨ। ਕੈਬਨਿਟ ਮੰਤਰੀ ਨੇ ਲੋਕ ਨੁਮਾਇੰਦਿਆਂ ਨੂੰ ਕਿਹਾ ਕਿ ਇਹ ਲੋਕਾਂ ਦਾ ਪੈਸਾ ਹੈ ਤੇ ਪੂਰਨ ਇਮਾਨਦਾਰੀ ਨਾਲ ਲੋਕਾਂ ਦੇ ਕਾਰਜਾਂ 'ਤੇ ਹੀ ਲੱਗਣਾ ਚਾਹੀਦਾ ਹੈ। ਇਸ ਮੌਕੇ ਉਹਨਾਂ ਨੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਬਹੁਤੀਆਂ ਮੁਸ਼ਕਲਾਂ ਮੌਕੇ ਉੱਤੇ ਹੀ ਅਧਿਕਾਰੀਆਂ ਨੂੰ ਹਦਾਇਤ ਕਰ ਕੇ ਹੱਲ ਕਰਵਾਈਆਂ ਗਈਆਂ ਤੇ ਬਾਕੀਆਂ ਦੇ ਹੱਲ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ-ਪੈਗੰਬਰਾਂ ਅਤੇ ਦੇਵੀ-ਦੇਵਤਿਆਂ ਦੀ ਪਵਿੱਤਰ ਧਰਤੀ ਹੈ, ਜਿੱਥੋਂ ਦੇ ਲੋਕ ਗੈਰਤ ਨਾਲ ਰਹਿੰਦੇ ਹਨ। ਪਰ ਨਸ਼ਿਆਂ ਦੀ ਭੈੜੀ ਅਲਾਮਤ ਨੇ ਸੂਬੇ ਅਤੇ ਸਮਾਜ ਨੂੰ ਆਪਣੀ ਗ੍ਰਿਫਤ ਵਿੱਚ ਲੈ ਲਿਆ ਸੀ। ਪੰਜਾਬ ਕੌਮਾਂਤਰੀ ਸਰਹੱਦ ਨਾਲ ਲਗਦਾ ਹੋਣ ਕਰ ਕੇ ਨਸ਼ੇ ਦੇ ਤਸਕਰਾਂ ਲਈ ਇਹ ਡਰੱਗ ਰੂਟ ਬਣਿਆ ਹੋਇਆ ਸੀ, ਜਿਸ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਸਖ਼ਤ ਕਦਮ ਚੁੱਕੇ ਹਨ।

ਇਸ ਮਸਲੇ 'ਤੇ ਸਾਰੇ ਸਮਾਜ ਨੂੰ ਇਕਜੁਟ ਹੋਣਾ ਚਾਹੀਦਾ ਹੈ। ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਕਰਨ ਵਿੱਚ ਲੱਗੇ ਹੋਏ ਵਿਅਕਤੀਆਂ ਨੂੰ ਵੱਡੇ ਪੱਧਰ 'ਤੇ ਕਾਬੂ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਨਸ਼ਿਆਂ ਦੀ ਲਾਹਨਤ ਨੂੰ ਜੜੋਂ ਖਤਮ ਕਰਨ ਲਈ ਦ੍ਰਿੜ੍ਹ ਹੈ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਮੀਡੀਆ ਕੋਆਰਡੀਨੇਟਰ ਜਤਿੰਦਰ ਜੈਨ, ਲੌਂਗੋਵਾਲ ਤੋਂ ਬਲਵਿੰਦਰ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ, ਰਾਜ ਸਿੰਘ, ਸੁਖਪਾਲ ਸਿੰਘ ਬਾਜਵਾ, ਬਲਕਾਰ ਸਿੰਘ ਸਿੱਧੂ, ਵਿੱਕੀ ਵਸ਼ਿਸ਼ਟ, ਜੁਗਰਾਜ ਸਿੰਘ ਸਰਪੰਚ, ਨਿਹਾਲ ਸਿੰਘ ਸਰਪੰਚ, ਦਰਸ਼ਨ ਸਿੰਘ ਸਰਪੰਚ, ਭੀਮ ਦਾਸ ਸਰਪੰਚ, ਜਗਸੀਰ ਸਿੰਘ ਸਰਪੰਚ, ਮਾਸਟਰ ਜੋਰਾ ਸਿੰਘ, ਸ਼ਾਹਪੁਰ ਤੋਂ ਲੱਕੀ ਸਰਪੰਚ, ਬਲਾਕ ਪ੍ਰਧਾਨ ਮਲਕੀਤ ਸਿੰਘ, ਬੀਰਬਲ ਸਿੰਘ ਝਾੜੋਂ, ਰਜਿੰਦਰ ਸਿੰਘ ਸਰਪੰਚ, ਜੱਗਾ ਸਿੰਘ, ਗੁਰਸੇਵਕ, ਨਿਸ਼ਾਨ ਸਿੰਘ ਟੋਨੀ ਪ੍ਰਧਾਨ ਨਗਰ ਕੌਂਸਲ ਸੁਨਾਮ, ਮੁਕੇਸ਼ ਜੁਨੇਜਾ ਚੇਅਰਮੈਨ ਮਾਰਕੀਟ ਕਮੇਟੀ, ਬਲਾਕ ਪ੍ਰਧਾਨ ਸਾਹਿਬ ਸਿੰਘ, ਸੰਦੀਪ ਜਿੰਦਲ, ਐਮ.ਸੀ. ਸਨੀ ਕਾਂਸਲ, ਗੁਰਤੇਜ ਨਿੱਕਾ, ਚਮਕੌਰ ਹਾਂਡਾ ਤੇ ਕਨ੍ਹਈਆ ਕੁਮਾਰ ਹਾਜ਼ਰ ਸਨ।

> ☛ ਚੈੱਕ ਵੰਡਣ ਲਈ ਲੌਂਗੋਵਾਲ, ਸ਼ਾਹਪੁਰ ਕਲਾਂ ਅਤੇ ਸੁਨਾਮ ਦਫਤਰ ਵਿਖੇ ਰੱਖੇ ਸਮਾਗਮਾਂ ਵਿੱਚ ਕੀਤੀ ਸ਼ਿਰਕਤ ☛ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ; ਮੌਕੇ 'ਤੇ ਕੀਤੀਆਂ ਹੱਲ

# ਪਿੰਡ ਭੰਗਵਾਂ ਵਿਖੇ 20 ਜੁਲਾਈ ਨੂੰ ਬੂਟਿਆਂ ਦਾ ਲੰਗਰ ਲਗਾਇਆ ਜਾਵੇਗਾ



ਜੰਡਿਆਲਾ ਗੁਰੂ 18 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਇਨਸਾਨ ਨੂੰ ਜਿਊਣ ਲਈ ਪਵਨ ਪਾਣੀ ਤੇ ਧਰਤੀ ਦੀ ਸੰਭਾਲ ਕਰਨੀ ਅਤਿ ਜਰੂਰੀ ਹੈ ਲੇਕਿਨ ਇਸ ਦੇ ਉਲਟ ਲੋਭ ਲਾਲਚ ਦੇ ਵਸ ਵਿੱਚ ਸਭ ਤੋਂ ਜਿਆਦਾ ਕੁਦਰਤ ਨਾਲ ਮਨੁੱਖ ਖਿਲਵਾੜ ਕਰ ਰਿਹਾ ਹੈ ਜਿਸ ਦਾ ਅਸਰ ਪੰਜਾਬ ਵਿੱਚ ਵੱਧਦੀ ਅੱਤ ਦੀ ਗਰਮੀ ਧਰਤੀ ਹੇਰਲਾ ਘੱਟ ਰਿਹਾ ਅਤੇ ਨਾ ਪੀਣ ਯੋਗ ਗੰਧਲਾ ਹੋ ਰਿਹਾ ਪਾਣੀ ਅਤੇ ਕੁਦਰਤੀ ਆਕਸੀਜਨ ਦਾ ਖ਼ਤਮ ਹੋਣਾ ਇਹ ਦਰਸਾ ਰਿਹਾ ਹੈ ਕਿ ਇਨਸਾਨ ਨੂੰ ਆਉਣ ਵਾਲੀਆਂ ਪੀੜੀਆਂ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਜਰੂਰਤ ਹੈ ਜਿਸ ਨਾਲ ਪਵਨ ਪਾਣੀ ਅਤੇ ਧਰਤੀ ਨੂੰ ਸੰਭਾਲਿਆ ਜਾ ਸਕਦਾ ਹੈ ਜਿਸ ਦੇ ਚੱਲਦਿਆਂ ਪੰਜਾਬ ਵਿੱਚ ਸਰਕਾਰ ਵੱਲੋਂ ਅਤੇ ਵੱਖ ਵੱਖ ਸਮਾਜ ਸੇਵਕ ਜਥੇਬੰਦੀਆਂ ਵੱਲੋਂ ਫ੍ਰੀ ਰੁੱਖ ਲਗਾਉਣ ਲਈ ਦਿੱਤੇ ਜਾ ਰਹੇ ਹਨ ਜਿਸ ਵਿੱਚ ਸਮੇਂ ਨੂੰ ਮੁੱਖ ਰੱਖਦਿਆ ਹੋਇਆ ਜੰਡਿਆਲਾ ਗੁਰੂ ਦੇ ਗਹਿਰੀ ਮੰਡੀ ਦੇ ਨਜਦੀਕ ਪਿੰਡ ਭੰਗਵਾਂ ਵਿਖੇ ਧੰਨ-ਧੰਨ ਬਾਬਾ ਜਵੰਦ ਸਿੰਘ ਜੀ ਦੇ ਸਲਾਨਾ ਜੋੜ ਮੇਲੇ ਮੌਕੇ ਪਿੰਡ ਤਾਰਾਗੜ੍ਹ ਤੋਸ਼ ਵਾਤਾਵਰਨ ਬਚਾਓ ਕਮੇਟੀ ਵੱਲੋਂ 20 ਜੁਲਾਈ ਨੂੰ ਫ੍ਰੀ ਬੂਟਿਆਂ ਦਾ ਲੰਗਰ ਲਗਾਇਆ ਜਾ ਰਿਹਾ ਹੈ ਜਿਸ ਵਿਚ ਫਲਦਾਰ ਬੂਟੇ ,ਅਮਰੂਦ ,ਅੰਬ ,ਨਿੰਮ ,ਨਿੰਬੂ ,ਜਾਮਨੂੰ ਆਦਿ ਦੇ ਬੂਟੇ ਵੰਡੇ ਜਾਣਗੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਬਾਬਾ ਜਵੰਦ ਸਿੰਘ ਜੀ ਦੇ ਅਸਥਾਨ ਤੇ ਹਾਜਰੀਆਂ ਭਰਨ ਦੇ ਨਾਲ ਨਾਲ ਸਲਾਨਾ ਜੋੜ ਮੇਲੇ ਦੀ ਯਾਦ ਵਿੱਚ ਬੂਟਿਆਂ ਦਾ ਲੰਗਰ ਜਰੂਰ ਲੈ ਕੇ ਆਉਣਾ ਜੀ ਅਤੇ ਉਨਾਂ ਬੂਟਿਆਂ ਦਾ ਪਾਲਣ ਪੋਸ਼ਣ ਆਪਣੇ ਹੱਥੀਂ ਕਰਕੇ ਆਉਣ ਵਾਲੀ ਪੀੜੀ ਦਾ ਭਲਾ ਕਰਨਾ!

# ਸੰਤ ਕਰਤਾਰ ਸਿੰਘ ਮੈਮੋਰੀਅਲ ਖਾਲਸਾ ਸੀਨੀਅਰ ਸੈਕਡਰੀ ਸਕੂਲ ਵਿੱਚ ਕਵਿਜ਼ ਮੁਕਾਬਲੇ ਕਰਵਾਏ ਗਏ



**ਫਿਰੋਜ਼ਪੁਰ 18 ਜੁਲਾਈ (ਮਨਹੋਰ ਲਾਲ)**-ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਵਿੱਚ ਇੰਟਰ ਹਾਊਸ ਕਵਿਜ਼ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਸਾਰੇ ਹਾਊਸਾਂ ਦੇ ਤਿੰਨ ਤਿੰਨ ਵਿਦਿਆਰਥੀਆਂ ਨੇ ਭਾਗ ਲਿਆ ਇਨਾ ਮੁਕਾਬਲਾ ਵਿੱਚ ਏ ਹਾਊਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਬੀ ਹਾਊਸ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਸੀ ਹਾਊਸ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਇਸ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਅਤੇ ਭਾਈ ਵੀਰਪਾਲ ਸਿੰਘ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਏ ਹਾਊਸ ਅਧਿਆਪਕ ਸਾਹਿਬਾਨਾਂ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਗਈ।

# ਸਥਾਨਕ ਵਿਦਿਆਰਥੀਆਂ ਲਈ ਵੱਡੀ ਰਾਹਤ, ਹੁਣ ਫਿਰੋਜ਼ਪੁਰ ਵਿੱਚ ਹੀ ਮਿਲੇਗਾ ਬੀ.ਏ. ਕੰਪਿਊਟਰ ਸਾਇੰਸ ਕੋਰਸ



**ਫਿਰੋਜ਼ਪੁਰ, 18 ਜੁਲਾਈ (ਮਨਹੋਰ ਲਾਲ)**-ਮੋਗਾ ਰੋਡ ਸਥਿਤ ਫਿਰੋਜ਼ਸ਼ਾਹ ਵਿੱਚ ਫਿਰੋਜ਼ਪੁਰ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਨੇ ਸਿੱਖਿਆ ਦੇ ਖੇਤਰ ਵਿੱਚ ਇਕ ਹੋਰ ਮਹੱਤਵਪੂਰਨ ਪ੍ਰਾਪਤੀ ਦਰਜ ਕੀਤੀ ਹੈ। ਕਾਲਜ ਕਮੇਟੀ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਹੁਣ ਇਸ ਸੰਸਥਾ ਵਿੱਚ ਬੀ.ਏ. ਕੰਪਿਊਟਰ ਸਾਇੰਸ ਕੋਰਸ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ ਅਤੇ ਦਾਖਲਾ ਪ੍ਰਕਿਰਿਆ ਵੀ ਚਲ ਰਹੀ ਹੈ।ਕਾਲਜ ਦੇ ਚੇਅਰਮੈਨ ਸ੍ਰੀ ਹੀਰਾ ਲਾਲ ਸ਼ਰਮਾ ਨੇ ਇਸਨੂੰ ਫਿਰੋਜ਼ਪੁਰ ਖੇਤਰ ਲਈ ਮਾਣ ਵਾਲੀ ਗੱਲ ਦੱਸਿਆ।ਉਨ੍ਹਾਂ ਕਿਹਾ ਕਿ ਹੁਣ ਸਥਾਨਕ ਵਿਦਿਆਰਥੀਆਂ ਨੂੰ ਕੰਪਿਊਟਰ ਸਾਇੰਸ ਵਰਗੇ ਆਧੁਨਿਕ ਅਤੇ ਕਰੀਅਰ ਉਖ ਕੋਰਸ ਲਈ ਬਾਹਰ ਜਾਣ ਦੀ ਲੋੜ ਨਹੀਂ ਪਏਗੀ।ਉਨ੍ਹਾਂ ਦੱਸਿਆ ਕਿ ਕਾਲਜ ਵਿੱਚ ਪਹਿਲਾਂ ਹੀ ਬੀ.ਸੀ.ਏ., ਬੀ.ਕਾਮ., ਬੀ.ਐੱਸ.ਸੀ.ਆਈ.ਟੀ., ਐਮ.ਕਾਮ., ਪੀ.ਜੀ.ਡੀ.ਸੀ.ਏ. ਅਤੇ ਆਈ.ਟੀ.ਆਈ. ਦੇ ਤਹਿਤ ਇਲੈਕਟਰੀਸ਼ੀਅਨ, ਕੋਪਾ, ਵੈਲਡਰ, ਡੀਜ਼ਲ ਮਕੈਨਿਕ ਵਰਗੇ ਕੋਰਸ ਸਫਲਤਾਪੂਰਵਕ ਚਲ ਰਹੇ ਹਨ, ਜਿਨ੍ਹਾਂ ਵਿੱਚ ਵਿਦਿਆਰਥੀਆਂ ਵੱਲੋਂ ਉਤਸ਼ਾਹਪੂਰਕ ਭਾਗੀਦਾਰੀ ਕੀਤੀ ਜਾ ਰਹੀ ਹੈ।ਕਾਲਜ ਦੇ ਸਚਿਵ ਸ੍ਰੀ ਸ਼ਿਵਮ ਸ਼ਰਮਾ ਨੇ ਦੱਸਿਆ ਕਿ ਬੀ.ਏ. ਕੰਪਿਊਟਰ ਸਾਇੰਸ ਕੋਰਸ ਸ਼ੁਰੂ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਤਕਨੀਕੀ ਰੂਪ ਵਿੱਚ ਮਜ਼ਬੂਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਹ ਕੋਰਸ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਸਾਫਟਵੇਅਰ ਡਿਵੈਲਪਮੈਂਟ, ਡਾਟਾ ਐਨਾਲਿਸਿਸ, ਵੈੱਬ ਡਿਜ਼ਾਇਨਿੰਗ ਵਰਗੇ ਆਧੁਨਿਕ ਖੇਤਰਾਂ ਵਿੱਚ ਕਰੀਅਰ ਬਣਾਉਣ ਦਾ ਮੌਕਾ ਦੇਵੇਗਾ।ਕਾਲਜ ਵਿੱਚ ਅਨੁਭਵੀ ਸਟਾਫ ਅਤੇ ਆਧੁਨਿਕ ਕੰਪਿਊਟਰ ਲੈਬਜ਼ ਦੀ ਵੀ ਸਹੂਲਤ ਉਪਲਬਧ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਮਿਲੇਗੀ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਫਿਰੋਜ਼ਪੁਰ ਅਤੇ ਆਸ-ਪਾਸ ਦੇ ਖੇਤਰ ਵਿੱਚ ਹੁਣ ਤੱਕ ਇਹ ਕੋਰਸ ਉਪਲਬਧ ਨਹੀਂ ਸੀ, ਜਿਸਨੂੰ ਸ਼ੁਰੂ ਕਰ ਕੇ ਕਾਲਜ ਨੇ ਸਿੱਖਿਆ ਜਗਤ ਵਿੱਚ ਇਕ ਨਵਾਂ ਮੀਲ ਦਾ ਪੱਥਰ ਸਥਾਪਤ ਕੀਤਾ ਹੈ।

# ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦਾ ਵਿਸ਼ੇਸ਼ ਸਮਾਗਮ 20 ਜੁਲਾਈ ਨੂੰ, ਜਸਵਿੰਦਰ, ਬਲਬੀਰ ਪਰਵਾਨਾ, ਡਾ. ਮਨਜਿੰਦਰ ਸਿੰਘ ਅਤੇ ਕਰਮ ਸਿੰਘ ਵਕੀਲ ਨੂੰ ਮਿਲਣਗੇ ਪੁਰਸਕਾਰ



ਜੰਡਿਆਲਾ ਗੁਰੂ 18 ਜੁਲਾਈ-( ਕੁਲਵੰਤ ਸਿੰਘ ਵਿਰਦੀ )- ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਵੱਲੋਂ ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਹਿਯੋਗ ਨਾਲ 20 ਜੁਲਾਈ , ਐਤਵਾਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਨਫਰੰਸ ਹਾਲ ਵਿਖੇ ਡੇਢ ਸਾਲਾ ਇਜਲਾਸ ਅਤੇ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਪੰਜਾਬੀ ਬੋਲੀ, ਸਾਹਿਤ ਅਤੇ ਸਭਿਆਚਾਰ ਨੂੰ ਪ੍ਰਫੁੱਲਤ ਕਰਨ ਦੇ ਨਾਲ-ਨਾਲ ਸਾਹਿਤਕ ਵਿਚਾਰ-ਵਟਾਂਦਰੇ ਨੂੰ ਹੁਲਾਰਾ ਦੇਵੇਗਾ।ਸਵੇਰੇ 10 ਵਜੇ ਸੈਮੀਨਾਰ ਦੇ ਪਹਿਲੇ ਸੈਸ਼ਨ ਵਿੱਚ "ਪੰਜਾਬੀ ਬੋਲੀ - ਕਲ੍ਹ, ਅੱਜ ਅਤੇ ਭਲਕ" ਵਿਸ਼ੇ 'ਤੇ ਚਰਚਾ ਹੋਵੇਗੀ। ਪੰਜਾਬੀ ਸਾਹਿਤ ਦੇ ਪ੍ਰਸਿੱਧ ਵਿਦਵਾਨ ਡਾ. ਮਨਜਿੰਦਰ ਸਿੰਘ ਮੁੱਖ ਭਾਸ਼ਣ ਦੇਣਗੇ, ਜਿਸ ਵਿੱਚ ਉਹ ਪੰਜਾਬੀ ਬੋਲੀ ਦੀਆਂ ਚੁਣੌਤੀਆਂ ਅਤੇ ਸੰਭਾਵਨਾਵਾਂ 'ਤੇ ਚਾਨਣਾ ਪਾਉਣਗੇ। ਸੈਸ਼ਨ ਦੀ ਪ੍ਰਧਾਨਗੀ ਡਾ. ਮਨਮੋਹਨ ਕਰਨਗੇ, ਜਦਕਿ ਪ੍ਰਸਿੱਧ ਕਾਲਮ ਨਵੀਸ ਸਤਿਨਾਮ ਸਿੰਘ ਮਾਣਕ ਮੁੱਖ ਮਹਿਮਾਨ ਅਤੇ ਲਖਵਿੰਦਰ ਜੌਹਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ।ਦੁਪਹਿਰ 12 ਵਜੇ ਦੂਜੇ ਸੈਸ਼ਨ ਵਿੱਚ ਸਭਾ ਦੀਆਂ ਡੇਢ ਸਾਲ ਦੀਆਂ ਸਰਗਰਮੀਆਂ ਅਤੇ ਜਥੇਬੰਦਕ ਰਿਪੋਰਟ ਪੇਸ਼ ਕੀਤੀ ਜਾਵੇਗੀ। ਇਸ ਦੌਰਾਨ ਪੰਜਾਬੀ ਸਾਹਿਤ ਅਤੇ ਸਭਿਆਚਾਰ ਵਿੱਚ ਪਾਏ ਯੋਗਦਾਨ ਲਈ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਹਰਭਜਨ ਸਿੰਘ ਹੁੰਦਲ ਕਾਵਿ ਪੁਰਸਕਾਰ ਗ਼ਜ਼ਲਗੋ ਜਸਵਿੰਦਰ ਨੂੰ, ਡਾ. ਐੱਸ ਤਰਸੇਮ ਸਾਹਿਤ ਸਾਧਨਾ ਪੁਰਸਕਾਰ ਬਲਬੀਰ ਪਰਵਾਨਾ ਨੂੰ, ਡਾ. ਰਵਿੰਦਰ ਰਵੀ ਆਲੋਚਨਾ ਪੁਰਸਕਾਰ ਡਾ. ਮਨਜਿੰਦਰ ਸਿੰਘ ਨੂੰ ਅਤੇ ਗਿਆਨੀ ਹੀਰਾ ਸਿੰਘ ਦਰਦ ਜਥੇਬੰਦਕ ਪੁਰਸਕਾਰ ਕਰਮ ਸਿੰਘ ਵਕੀਲ ਨੂੰ ਦਿੱਤਾ ਜਾਵੇਗਾ। ਇਹ ਸਮਾਗਮ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਨਫਰੰਸ ਹਾਲ ਵਿਖੇ ਹੋਵੇਗਾ, ਜੋ ਪੰਜਾਬੀ ਸਾਹਿਤ ਅਤੇ ਸਿੱਖਿਆ ਦਾ ਮਹੱਤਵਪੂਰਨ ਕੇਂਦਰ ਹੈ।